SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 65 | Monday, 5 May 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਬੀ.ਸੀ. ਵਿੱਚ ਲਾਪਤਾ 7 ਸਾਲ ਦੀ ਬੱਚੀ ਨੂੰ ਲੱਭਣ ਗਈ ਟੀਮ ਦਾ ਸਾਮਾਨ ਚੋਰੀ



ਵੈਨਕੂਵਰ, 4 ਮਈ (ਪੋਸਟ ਬਿਊਰੋ): ਚਿਲੀਵੈਕ ਵਿੱਚ ਇੱਕ ਲਾਪਤਾ 7 ਸਾਲ ਦੀ ਬੱਚੀ ਨੂੰ ਲੱਭਣ ਵਾਲੀ ਖੋਜ ਅਤੇ ਬਚਾਅ ਟੀਮ ਸ਼ੁੱਕਰਵਾਰ ਦੁਪਹਿਰ ਨੂੰ ਵਾਪਿਸ ਆਈ ਤਾਂ ਉਨ੍ਹਾਂ ਦਾ ਸਾਮਾਨ ਚੋਰੀ ਹੋ ਚੁੱਕਿਆ ਸੀ। ਚਿਲੀਵੈਕ ਸਰਚ ਐਂਡ ਰੈਸਕਿਊ ਦੇ ਪ੍ਰਧਾਨ ਅਤੇ ਸ਼ੁੱਕਰਵਾਰ ਦੀ ਤਲਾਸ਼ ਦੇ ਸੀਨੀਅਰ ਮੈਨੇਜਰ ਗ੍ਰੇਗ ਅਨਰੂਹ ਨੇ ਦੱਸਿਆ ਕਿ ਟੀਮ ਨੇ ਖੋਜ ਖੇਤਰ ਵਿੱਚ ਜਾਂਦੇ ਸਮੇਂ ਆਪਣੇ ਕੁਝ ਮੁੱਢਲੇ ਖੋਜ ਅਤੇ ਬਚਾਅ ਪੈਕ ਲੁਕਾ ਕੁ ਰੱਖੇ ਸਨ। ਅਨਰੂਹ ਨੇ ਕਿਹਾ ਕਿ ਉਸਨੇ ਕਿਹਾ ਕਿ ਗੁੰਮ ਹੋਏ ਸਾਮਾਨ ਦੀ ਰਿਪੋਰਟ ਦਰਜ ਕਰਵਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਨਿਸ਼ਚਤ ਤੌਰ 'ਤੇ ਬਹੁਤ ਨਿਰਾਸ਼ਾਜਨਕ ਸੀ ਕਿਉਂਕਿ ਟੀਮ ਦੇ ਤਿੰਨ ਮੈਂਬਰਾਂ ਦਾ ਸਾਮਾਨ ਚੋਰੀ ਹੋ ਗਿਆ। ਟੀਮ ਦੇ ਇੱਕ ਮੈਂਬਰ ਨੇ ਆਪਣੀ ਕਾਰ ਦੀਆਂ ਚਾਬੀਆਂ ਆਪਣੇ ਪੈਕ ਵਿੱਚ ਛੱਡ ਦਿੱਤੀਆਂ ਸਨ।

ਉਨ੍ਹਾਂ ਕਿਹਾ ਕਿ ਅਜਿਹੇ ਬੈਗਾਂ ਵਿੱਚ ਆਮ ਤੌਰ 'ਤੇ ਮੁੱਢਲੇ ਉਪਕਰਣ, ਵਾਧੂ ਕੱਪੜੇ ਅਤੇ ਨਿੱਜੀ ਚੀਜ਼ਾਂ ਸ਼ਾਮਲ ਹੁੰਦੀਆਂ ਹਨ। ਨਿੱਜੀ ਪੈਕ 2 ਤੋਂ 5 ਹਜ਼ਾਰ ਡਾਲਰ ਦੀ ਕੀਮਤ ਵਾਲੇ ਹੁੰਦੇ ਹਨ। ਚੋਰੀ ਦੇ ਮੱਦੇਨਜ਼ਰ ਇੱਕ ਕਮਿਊਨਿਟੀ ਮੈਂਬਰ ਵੱਲੋਂ ਸਥਾਪਤ ਕੀਤੇ ਗਏ ਇੱਕ ਗੋ ਫੰਡ ਮੀ ਦੇ ਪੇਜ 'ਤੇ 24 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਲਗਭਗ 10 ਹਜ਼ਾਰ ਡਾਲਰ ਇਕੱਠੇ ਕੀਤੇ ਗਏ ਹਨ।

## ਅਮਰੀਕਾ 'ਚ ਛੋਟਾ ਜਹਾਜ਼ ਹਾਦਸਾਗ੍ਰਸਤ, ਪਾਇਲਟ ਦੀ ਮੌਤ, 2 ਘਰਾਂ ਦਾ ਨੁਕਸਾਨ



ਕੈਲੀਫੋਰਨੀਆ, 4 ਮਈ (ਪੋਸਟ ਬਿਊਰੋ): ਅਮਰੀਕਾ ਦੇ ਕੈਲੀਫੋਰਨੀਆ ਰਾਜ ਦੇ ਸਿਮੀ ਵੈਲੀ ਵਿੱਚ ਸ਼ਨੀਵਾਰ ਨੂੰ ਇੱਕ ਸਿੰਗਲ ਸੀਟਰ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਵਿੱਚ ਪਾਇਲਟ ਦੀ ਮੌਤ ਹੋ ਗਈ ਹੈ।

ਇਹ ਹਾਦਸਾ ਇੱਕ ਰਿਹਾਇਸ਼ੀ ਖੇਤਰ ਵਿੱਚ ਹੋਇਆ, ਜਿਸ ਕਾਰਨ ਦੋ ਘਰਾਂ ਨੂੰ ਨੁਕਸਾਨ ਪਹੁੰਚਿਆ ਹੈ। ਜਹਾਜ਼ ਦਾ ਮਲਬਾ ਦੋਨਾਂ ਘਰਾਂ ਦੇ ਵਿਚਕਾਰ ਡਿੱਗ ਗਿਆ।

ਘਟਨਾ ਤੋਂ ਬਾਅਦ ਫਾਇਰਫਾਈਟਰ ਤੁਰੰਤ ਮੌਕੇ 'ਤੇ ਪਹੁੰਚ ਗਏ। ਫਾਇਰ ਵਿਭਾਗ ਅਨੁਸਾਰ, ਹਾਦਸੇ ਸਮੇਂ ਲੋਕ ਘਰਾਂ ਵਿੱਚ ਮੌਜੂਦ ਸਨ, ਪਰ ਉਨ੍ਹਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ। ਫਿਲਹਾਲ, ਕਿਸੇ ਦੇ ਜ਼ਖਮੀ ਹੋਣ ਦੀ ਕੋਈ ਖ਼ਬਰ ਨਹੀਂ ਹੈ।

## ਪ੍ਰਧਾਨ ਮੰਤਰੀ ਲਾਰੈਂਸ ਵੋਂਗ ਦੀ ਸਿੰਗਾਪੁਰ ਦੀਆਂ ਆਮ ਚੋਣਾਂ ਜਿੱਤ



ਸਿੰਗਾਪੁਰ ਸਿਟੀ, 4 ਮਈ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਲਾਰੈਂਸ ਵੋਂਗ ਅਤੇ ਉਨ੍ਹਾਂ ਦੀ ਪੀਪਲਜ਼ ਐਕਸ਼ਨ ਪਾਰਟੀ (ਪੀਏਪੀ) ਨੇ ਸ਼ਨੀਵਾਰ ਨੂੰ ਸਿੰਗਾਪੁਰ ਵਿੱਚ ਹੋਈਆਂ ਆਮ ਚੋਣਾਂ ਵਿੱਚ ਜਿੱਤ ਪ੍ਰਾਪਤ ਕੀਤੀ। ਪਾਰਟੀ ਨੂੰ 97 ਵਿੱਚੋਂ 87 ਸੰਸਦੀ ਸੀਟਾਂ ਮਿਲੀਆਂ। ਜਿੱਤ ਤੋਂ ਬਾਅਦ, ਪ੍ਰਧਾਨ ਮੰਤਰੀ ਵੋਂਗ ਨੇ ਕਿਹਾ ਕਿ ਅਸੀਂ ਮਜ਼ਬੂਤ ਜਨਾਦੇਸ਼ ਲਈ ਧੰਨਵਾਦੀ ਹਾਂ। ਅਸੀਂ ਹੋਰ ਵੀ ਸਖ਼ਤ ਮਿਹਨਤ ਕਰਕੇ ਤੁਹਾਡੇ ਭਰੋਸੇ ਦਾ ਸਨਮਾਨ ਕਰਾਂਗੇ।

ਚੋਣਾਂ ਵਿੱਚ ਮੁੱਖ ਮੁਕਾਬਲਾ ਪੀਪਲਜ਼ ਐਕਸ਼ਨ ਪਾਰਟੀ (ਪੀਏਪੀ) ਵਿਚਕਾਰ ਸੀ, ਜੋਕਿ 1965 ਤੋਂ ਸੱਤਾ ਵਿੱਚ ਹੈ, ਅਤੇ ਮੁੱਖ ਵਿਰੋਧੀ ਪਾਰਟੀ ਵਰਕਰਜ਼ ਪਾਰਟੀ (ਡਬਲਯੂਪੀ) ਵਿਚਕਾਰ ਸੀ। ਇਨ੍ਹਾਂ ਤੋਂ ਇਲਾਵਾ, ਕਈ ਹੋਰ ਛੋਟੀਆਂ ਪਾਰਟੀਆਂ ਵੀ ਚੋਣ ਮੈਦਾਨ ਵਿੱਚ ਸਨ। ਚੋਣ ਵਿਭਾਗ ਨੇ ਕਿਹਾ ਕਿ ਦੇਸ਼ ਦੇ 26 ਲੱਖ ਲੋਕਾਂ ਨੇ 1240 ਵੋਟਿੰਗ ਕੇਂਦਰਾਂ 'ਤੇ 92 ਸੀਟਾਂ ਲਈ ਆਪਣੀ ਵੋਟ ਪਾਈ।

ਦਰਅਸਲ, ਸਿੰਗਾਪੁਰ ਦੀਆਂ ਸੰਸਦੀ ਸੀਟਾਂ ਨੂੰ ਸਿੰਗਲ ਮੈਂਬਰ ਕੰਸਟੀਚਿਊਂਸੀ (ਐੱਸਐੱਮਸੀ) ਅਤੇ ਗਰੁੱਪ ਰਿਪ੍ਰਜ਼ੈਂਟੇਸ਼ਨ ਕੰਸਟੀਚਿਊਂਸੀ (ਜੀਆਰਸੀ) ਦੇ ਦੋ ਹਿੱਸਿਆਂ ਵਿੱਚ ਵੰਡਿਆ ਗਿਆ ਹੈ। 4-5 ਉਮੀਦਵਾਰਾਂ ਦੀ ਇੱਕ ਟੀਮ ਵਿੱਚ ਚੋਣ ਲੜਦੀ ਹੈ, ਜਿਸ ਵਿੱਚ ਘੱਟੋ-ਘੱਟ ਇੱਕ ਉਮੀਦਵਾਰ ਘੱਟ ਗਿਣਤੀ ਭਾਈਚਾਰੇ (ਮਾਲੇਈ, ਭਾਰਤੀ, ਜਾਂ ਹੋਰ) ਤੋਂ ਹੋਣਾ ਚਾਹੀਦਾ ਹੈ।ਪੀਏਪੀ ਨੇ ਅਜਿਹੀ ਇੱਕ ਸੀਟ ਬਿਨ੍ਹਾਂ ਵਿਰੋਧ ਜਿੱਤੀ ਸੀ।

ਇਹ 1948 ਵਿੱਚ ਪਹਿਲੀ ਆਮ ਚੋਣ ਤੋਂ ਬਾਅਦ ਸਿੰਗਾਪੁਰ ਦੀ 19ਵੀਂ ਅਤੇ 1965 ਵਿੱਚ ਆਜ਼ਾਦੀ ਤੋਂ ਬਾਅਦ 14ਵੀਂ ਚੋਣ ਸੀ। ਲੀ ਹਸੀਨ ਲੂੰਗ ਦੇ ਲਗਭਗ 20 ਸਾਲਾਂ ਬਾਅਦ ਅਸਤੀਫਾ ਦੇਣ ਤੋਂ ਬਾਅਦ ਪੀਐਮ ਵੋਂਗ ਨੇ ਪਿਛਲੇ ਮਈ ਵਿੱਚ ਨਵੇਂ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕੀ ਸੀ।

## ਆਸਟ੍ਰੇਲੀਆ ਵਿਚ ਲੇਬਰ ਪਾਰਟੀ ਨੇ ਚੋਣ ਜਿੱਤੀ, ਦੂਜੀ ਵਾਰ ਪ੍ਰਧਾਨ ਮੰਤਰੀ ਬਣਨਗੇ ਅਲਬਾਨੀਜ਼



ਕੈਨਬਰਾ, 4 ਮਈ (ਪੋਸਟ ਬਿਊਰੋ): ਲੇਬਰ ਪਾਰਟੀ ਨੇ ਆਸਟ੍ਰੇਲੀਆ ਵਿੱਚ ਚੋਣ ਜਿੱਤ ਲਈ ਹੈ। ਚੋਣ ਕਮਿਸ਼ਨ ਅਨੁਸਾਰ, ਹੁਣ ਤੱਕ 60% ਵੋਟਾਂ ਦੀ ਗਿਣਤੀ ਹੋ ਚੁੱਕੀ ਹੈ। ਲੇਬਰ ਪਾਰਟੀ ਨੇ 89 ਸੀਟਾਂ ਜਿੱਤੀਆਂ ਹਨ, ਜਦੋਂਕਿ ਵਿਰੋਧੀ ਲਿਬਰਲ-ਨੈਸ਼ਨਲ ਗੱਠਜੋੜ ਨੇ 36 ਸੀਟਾਂ ਜਿੱਤੀਆਂ ਹਨ। ਚੋਣ ਜਿੱਤਣ ਲਈ 76 ਸੀਟਾਂ ਦੀ ਲੋੜ ਹੁੰਦੀ ਹੈ।

ਲੇਬਰ ਪਾਰਟੀ ਦੀ ਜਿੱਤ ਨੇ ਇਹ ਯਕੀਨੀ ਬਣਾ ਦਿੱਤਾ ਹੈ ਕਿ ਐਂਥਨੀ ਅਲਬਾਨੀਜ਼ ਦੁਬਾਰਾ ਪ੍ਰਧਾਨ ਮੰਤਰੀ ਬਣਨਗੇ। ਇਹ 21 ਸਾਲਾਂ ਵਿੱਚ ਪਹਿਲੀ ਵਾਰ ਹੋਵੇਗਾ ਜਦੋਂ ਕੋਈ ਨੇਤਾ ਦੁਬਾਰਾ ਪ੍ਰਧਾਨ ਮੰਤਰੀ ਬਣੇਗਾ। ਇਸ ਤੋਂ ਪਹਿਲਾਂ, 2004 ਵਿੱਚ, ਲਿਬਰਲ ਪਾਰਟੀ ਦੇ ਜੌਨ ਹਾਵਰਡ ਨੇ ਲਗਾਤਾਰ ਦੂਜੀ ਵਾਰ ਚੋਣ ਜਿੱਤੀ ਸੀ।

ਇਸ ਦੇ ਨਾਲ ਹੀ, ਵਿਰੋਧੀ ਲਿਬਰਲ-ਨੈਸ਼ਨਲ ਗੱਠਜੋੜ ਨੇ ਹਾਰ ਮੰਨ ਲਈ ਹੈ। ਵਿਰੋਧੀ ਉਮੀਦਵਾਰ ਪੇਟਨ ਡਟਨ ਵੀ ਆਪਣੀ ਸੀਟ ਗੁਆ ਚੁੱਕੇ ਹਨ। ਡਿਕਸਨ ਸੰਸਦੀ ਸੀਟ ਤੋਂ ਡਟਨ ਦੀ ਹਾਰ ਨੂੰ ਸਦੀ ਦੀਆਂ ਸਭ ਤੋਂ ਵੱਡੀਆਂ ਰਾਜਨੀਤਿਕ ਹਾਰਾਂ ਵਿੱਚੋਂ ਇੱਕ ਮੰਨਿਆ ਜਾ ਰਿਹਾ ਹੈ।

ਵਿਰੋਧੀ ਧਿਰ ਦੇ ਨੇਤਾ ਪੀਟਰ ਡਟਨ ਨੇ ਚੋਣ ਵਿੱਚ ਹਾਰ ਸਵੀਕਾਰ ਕੀਤੀ ਅਤੇ ਕਿਹਾ ਕਿ ਅਸੀਂ ਚੰਗਾ ਪ੍ਰਦਰਸ਼ਨ ਨਹੀਂ ਕੀਤਾ, ਮੈਂ ਇਸ ਦੀ ਪੂਰੀ ਜ਼ਿੰਮੇਵਾਰੀ ਸਵੀਕਾਰ ਕਰਦਾ ਹਾਂ।

## ਦੋ ਵਾਹਨਾਂ ਵਿਚਾਲੇ ਆਹਮੋ-ਸਾਹਮਣੇ ਟੱਕਰ 'ਚ 5 ਜ਼ਖਮੀ, ਦੋਵੇਂ ਡਰਾਈਵਰ ਗੰਭੀਰ



ਓਟਵਾ, 4 ਮਈ (ਪੋਸਟ ਬਿਊਰੋ): ਐਲਗਿਨ ਵਿਲੇਜ ਨੇੜੇ ਹਾਈਵੇਅ 15 'ਤੇ ਸ਼ੁੱਕਰਵਾਰ ਨੂੰ ਦੋ ਵਾਹਨਾਂ ਵਿਚਕਾਰ ਹੋਈ ਆਹਮੋ-ਸਾਹਮਣੇ ਟੱਕਰ ਵਿਚ 5 ਜਣੇ ਜ਼ਖ਼ਮੀ ਹੋ ਗਏ, ਜਦਕਿ ਇਕ ਡਰਾਈਵਰ ਗੰਭੀਰ ਜ਼ਖ਼ਮੀ ਹੈ। ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਦੁਪਹਿਰ ਦੇ ਕਰੀਬ ਕਾਊਂਟੀ ਰੋਡ 42 ਦੇ ਦੱਖਣ ਵਿੱਚ ਹਾਈਵੇਅ 'ਤੇ ਦੋ ਵਾਹਨਾਂ ਦੀ ਟੱਕਰ ਦੀ ਸੂਚਨਾ ਮਿਲੀ ਸੀ। ਪੁਲਿਸ ਮੌਕੇ 'ਤੇ ਪਹੁੰਚੀ ਤਾਂ ਪਤਾ ਲੱਗਾ ਕਿ ਇੱਕ ਵਾਹਨ ਵਿੱਚ ਦੋ ਵਿਅਕਤੀ ਸਵਾਰ ਸਨ ਜਦਕਿ ਦੂਜੇ ਵਾਹਨ ਵਿੱਚ ਇਕ ਬੱਚੇ ਸਣੇ ਤਿੰਨ ਜਣੇ ਸਵਾਰ ਸਨ। ਦੋਵਾਂ ਡਰਾਈਵਰਾਂ ਨੂੰ ਗੰਭੀਰ ਸੱਟਾਂ ਲੱਗੀਆਂ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਹ ਦੀ ਹਾਲਤ ਗੰਭੀਰ ਪਰ ਸਥਿਰ ਹੈ। ਪਹਿਲੇ ਵਾਹਨ ਦੀ ਤਲਾਸ਼ੀ ਦੌਰਾਨ ਲੀਡਜ਼ ਓਪੀਪੀ ਦੇ ਮੈਂਬਰਾਂ ਨੂੰ ਇੱਕ ਚਾਕੂ, ਲਗਭਗ ਅੱਠ ਗ੍ਰਾਮ ਸ਼ੱਕੀ ਕੋਕੀਨ, ਅਤੇ ਹੋਰ ਚੀਜ਼ਾਂ ਮਿਲੀਆਂ। ਨਤੀਜੇ ਵਜੋਂ, 39 ਸਾਲਾ ਯਾਤਰੀ, ਜੋ ਕਿ ਓਟਾਵਾ ਤੋਂ ਹੈ, 'ਤੇ ਇੱਕ ਪੁਲਿਸ ਅਧਿਕਾਰੀ ਨੂੰ ਰੋਕਣ, ਤਸਕਰੀ ਅਤੇ ਹਮਲੇ ਦੇ ਉਦੇਸ਼ ਲਈ ਇੱਕ ਨਸ਼ੀਲਾ ਪਦਾਰਥ ਰੱਖਣ ਦਾ ਦੋਸ਼ ਲਾਇਆ ਗਿਆ ਹੈ। ਜਦਕਿ ਪਹਿਲੇ ਵਾਹਨ ਦੇ ਡਰਾਈਵਰ 'ਤੇ ਡਰਾਈਵਿੰਗ ਨਾਲ ਸਬੰਧਤ ਦੋਸ਼ ਲੰਬਿਤ ਹਨ। ਘਟਨਾ ਤੋਂ ਬਾਅਦ ਕਾਊਂਟੀ ਰੋਡ 42 ਅਤੇ ਕਾਊਂਟੀ ਰੋਡ 9 ਦੇ ਵਿਚਕਾਰ ਦੋਵਾਂ ਦਿਸ਼ਾਵਾਂ ਵਿੱਚ ਹਾਈਵੇਅ ਕਈ ਘੰਟਿਆਂ ਲਈ ਬੰਦ ਰਿਹਾ ਤੇ ਰਾਤ ਲਗਭਗ 9 ਵਜੇ ਖੁੱਲ੍ਹਿਆ।

## ਮਾਂਟਰੀਅਲ ਰਿਚੇਲੀਯੂ ਨਦੀ ਵਿੱਚ ਸਮੁੰਦਰੀ ਜਹਾਜ਼ ਹਾਦਸਾਗ੍ਰਸਤ, ਇੱਕ ਦੀ ਮੌਤ

ਮਾਂਟਰੀਅਲ, 4 ਮਈ (ਪੋਸਟ ਬਿਊਰੋ): ਮੋਂਟੇਰੇਗੀ ਖੇਤਰ ਵਿੱਚ ਸ਼ੁੱਕਰਵਾਰ ਨੂੰ ਸੇਂਟ-ਬੇਸਿਲ-ਲੇ-ਗ੍ਰੈਂਡ ਦੇ ਨੇੜੇ ਇੱਕ ਸਮੁੰਦਰੀ ਜਹਾਜ਼ ਦੇ ਨਦੀ ਵਿੱਚ ਹਾਦਸਾਗ੍ਰਸਤ ਹੋ ਗਿਆ, ਜਿਸ 'ਚ ਇਕ ਦੀ ਮੌਤ ਹੋ ਗਈ ਤੇ ਦੂਜਾ ਜ਼ਖ਼ਮੀ ਹੋ ਗਿਆ। ਸਵੇਰੇ 11 ਵਜੇ ਦੇ ਕਰੀਬ, ਰਿਚੇਲੀਯੂ-ਸੇਂਟ-ਲੌਰੇਂਟ ਪੁਲਿਸ ਸੇਵਾ ਨੂੰ ਰਿਚੇਲੀਯੂ ਨਦੀ ਵਿੱਚ ਇੱਕ ਜਹਾਜ਼ ਦੇ ਪਲਟਣ ਦੀ ਰਿਪੋਰਟ ਮਿਲੀ ਸੀ। ਮਿਊਂਸੀਪਲ ਫਾਇਰ ਸਰਵਿਸਿਜ਼ ਨੂੰ ਘਟਨਾ ਸਥਾਨ 'ਤੇ ਭੇਜਿਆ ਗਿਆ ਅਤੇ ਪੀੜਤਾਂ ਦੀ ਸਹਾਇਤਾ ਲਈ ਕਿਸ਼ਤੀਆਂ ਦੀ ਵਰਤੋਂ ਕੀਤੀ ਗਈ। ਰਿਚੇਲੀਯੂ-ਸੇਂਟ-ਲੌਰੇਂਟ ਇੰਟਰਮਿਊਨਿਸਿਪਲ ਪੁਲਿਸ ਬੋਰਡ ਦੇ ਬੁਲਾਰੇ ਸਾਰਜੈਂਟ ਜੀਨ-ਲੂਕ ਟ੍ਰੈਂਬਲੇ ਨੇ ਕਿਹਾ ਕਿ ਹਾਦਸਾ ਮੋਂਟੀ ਰਾਬਰਟ ਦੇ ਨੇੜੇ



ਹੋਇਆ। ਦੁਪਹਿਰ 2:45 ਵਜੇ ਦੇ ਕਰੀਬ, ਪੁਲਿਸ ਨੇ ਪੁਸ਼ਟੀ ਕੀਤੀ ਕਿ ਜਹਾਜ਼ ਦੇ ਅੰਦਰ ਮੌਜੂਦ ਵਿਅਕਤੀ ਨੂੰ ਕੱਢ ਕੇ ਹਸਪਤਾਲ ਲਿਜਾਇਆ ਗਿਆ ਹੈ। ਪ੍ਰੋਵਿੰਸ਼ੀਅਲ ਪੁਲਿਸ ਸਾਰਜੈਂਟ ਲੌਰੀ ਐਵੋਇਨ ਦੇ ਅਨੁਸਾਰ, ਉਸਨੂੰ ਬਾਅਦ ਵਿੱਚ ਮ੍ਰਿਤਕ ਐਲਾਨ ਦਿੱਤਾ ਗਿਆ। ਹਾਦਸੇ ਕਾਰਨ ਰੂਟ 223 ਮੈਕਮਾਸਟਰਵਿਲ ਅਤੇ ਸੇਂਟ-ਬੇਸਿਲ-ਲੇ-ਗ੍ਰੈਂਡ ਬੰਦ ਕਰ ਦਿੱਤਾ ਗਿਆ ਸੀ। ਕੈਨੇਡਾ ਦੇ ਟ੍ਰਾਂਸਪੋਰਟੇਸ਼ਨ ਸੇਫਟੀ ਬੋਰਡ ਨੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।




ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

## ਨਾਬਾਲਿਗਾ ਨੂੰ ਬੰਦੀ ਬਣਾ ਕੇ ਜਿਣਸੀ ਸ਼ੋਸ਼ਣ ਕਰਨ ਵਾਲੇ ਅਜੈਕਸ ਦੇ ਵਿਅਕਤੀ ’ਤੇ ਦੋਸ਼ ਤੈਅ



ਟੋਰਾਂਟੋ, 4 ਮਈ (ਪੋਸਟ ਬਿਊਰੋ): ਨਾਬਾਲਿਗਾ ਨੂੰ ਬੰਦੀ ਬਣਾ ਕੇ ਜਿਣਸੀ ਸ਼ੋਸ਼ਣ ਕਰਨ ਦੇ ਮਾਮਲੇ ਵਿਚ ਇਕ 30 ਸਾਲਾ ਅਜੈਕਸ ਦੇ ਇੱਕ ਵਿਅਕਤੀ 'ਤੇ ਦੋਸ਼ ਲਾਇਆ ਗਿਆ ਹੈ। ਡਰਹਮ ਪੁਲਿਸ ਦਾ ਕਹਿਣਾ ਹੈ ਕਿ ਹੈਮਿਲਟਨ ਪੁਲਿਸ ਸੇਵਾ ਵੱਲੋਂ ਜਾਣਕਾਰੀ ਮਿਲਣ ਤੋਂ ਬਾਅਦ ਇਸ ਹਫ਼ਤੇ ਦੇ ਸ਼ੁਰੂ ਵਿੱਚ ਬੁੱਧਵਾਰ ਨੂੰ ਜਾਂਚ ਸ਼ੁਰੂ ਹੋਈ ਸੀ। ਅਧਿਕਾਰੀਆਂ ਦਾ ਦੋਸ਼ ਹੈ ਕਿ ਪੀੜਤਾ ਨਾਲ ਜਿਣਸੀ ਸ਼ੋਸ਼ਣ ਕੀਤਾ ਗਿਆ ਸੀ ਅਤੇ ਜ਼ਬਰਦਸਤੀ ਅਜੈਕਸ ਖੇਤਰ ਵਿੱਚ ਬੰਦ ਕਰ ਦਿੱਤਾ ਗਿਆ ਸੀ। ਮੁਲਜ਼ਮ ਦੀ ਪਛਾਣ ਗੌਰੀਸ਼ੰਕਰ ਕਥੀਰਕਮਨਾਥਨ ਵਜੋਂ ਹੋਈ ਹੈ, ਜਿਸਨੂੰ ਸ਼ੁੱਕਰਵਾਰ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਕਥੀਰਕਮਨਾਥਨ 'ਤੇ ਜਿਣਸੀ ਹਮਲੇ ਅਤੇ ਜਿਣਸੀ ਦਖਲਅੰਦਾਜ਼ੀ ਦੇ ਪੰਜ-ਪੰਜ ਚਾਰਜਿਜ਼ ਲਾਏ ਗਏ ਹਨ, ਇਸ ਤੋਂ ਇਲਾਵਾ ਜ਼ਬਰਦਸਤੀ ਬੰਧਕ ਬਣਾਉਣਾ, ਧਮਕੀਆਂ ਦੇਣਾ, ਹਮਲਾ ਕਰਨਾ ਅਤੇ ਵਿਰੋਧ ਨੂੰ ਦੂਰ ਕਰਨ ਲਈ ਨਸ਼ੀਲੇ ਪਦਾਰਥ ਦੇਣ ਦੇ ਦੋ ਦੋਸ਼ ਵੀ ਲੱਗੇ ਹਨ। ਇਹ ਵੀ ਗੱਲ ਸਾਹਮਣੇ ਆਈ ਹੈ ਕਿ ਪੀੜਤ ਅਤੇ ਮੁਲਜ਼ਮ ਇੱਕ ਦੂਜੇ ਨੂੰ ਜਾਣਦੇ ਸਨ, ਹਾਲਾਂਕਿ ਪੁਲਿਸ ਨੇ ਹੋਰ ਵੇਰਵੇ ਨਹੀਂ ਦੱਸੇ। ਪੁਲਿਸ ਨੇ ਜਾਣਕਾਰੀ ਵਾਲੇ ਕਿਸੇ ਵੀ ਵਿਅਕਤੀ ਨੂੰ ਸਪੈਸ਼ਲ ਵਿਕਟਿਮਜ਼ ਯੂਨਿਟ ਦੇ ਡਿਟੈਕਟਿਵ ਫਿਟਜ਼ਗੇਰਾਲਡ ਨਾਲ 1-888-579-1520, ਐਕਸਟੈਂਸ਼ਨ 5316 'ਤੇ ਸੰਪਰਕ ਕਰਨ ਦੀ ਅਪੀਲ ਕੀਤੀ ਹੈ।

## ਸੀਸੀਟੀਵੀ ’ਚ ਓਟਵਾ ਦੇ ਰੈਸਟੋਰੈਂਟ ’ਚ ਚੋਰੀ ਦੀ ਘਟਨਾ ਕੈਦ



ਓਟਾਵਾ, 4 ਮਈ (ਪੋਸਟ ਬਿਊਰੋ): ਓਟਾਵਾ ਦੇ ਰੈਸਟੋਰੈਂਟ ਤੀਜੀ ਵਾਰ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਰੈਸਟੋਰੈਂਟ ਮੋਅਜ਼ ਬਾਰਬੀਕਿਊ ਦੇ ਮਾਲਕ ਦਾ ਕਹਿਣਾ ਹੈ ਕਿ ਪੁਲਿਸ ਵੱਲੋਂ ਸ਼ਨੀਵਾਰ ਸਵੇਰੇ ਰੈਸਟੋਰੈਂਟ ਵਿਚ ਚੋਰੀ ਦੀ ਸੂਚਨਾ ਮਿਲੀ। ਸੀਸੀਟੀਵੀ ਵੀਡੀਓ ਵਿੱਚ ਇੱਕ ਆਦਮੀ ਸਵੇਰੇ 4 ਵਜੇ ਦੇ ਕਰੀਬ ਇੱਕ ਖਿੜਕੀ ਤੋੜ ਕੇ ਰੈਸਟੋਰੈਂਟ ਵਿੱਚ ਜਾਂਦਾ ਦਿਖਾਈ ਦਿੰਦਾ ਹੈ। ਮਾਲਕ ਮੋਬੀਨ ਤਿੰਨ ਵਾਰ ਹੋਈਆਂ ਚੋਰੀਆਂ ਨਾਲ ਮੁਰੰਮਤ ਅਤੇ ਨੁਕਸਾਨ ਮਿਲਾ ਕੇ 20 ਹਜ਼ਾਰ ਡਾਲਰ ਤੋਂ ਵੱਧ ਦਾ ਨੁਕਸਾਨ ਪਹੁੰਚਾਇਆ ਹੈ।

## ਪਾਕਿਸਤਾਨ ਨੇ ਫਿਰ ਪ੍ਰਮਾਣੂ ਹਮਲੇ ਦੀ ਦਿੱਤੀ ਧਮਕੀ ਦਿੱਤੀ: ਕਿਹਾ- ਭਾਰਤ ਵਿਰੁੱਧ ਪੂਰੀ ਤਾਕਤ ਦੀ ਵਰਤੋਂ ਕਰਾਂਗੇ



ਇਸਲਾਮਾਬਾਦ, 4 ਮਈ (ਪੋਸਟ ਬਿਊਰੋ): ਪਾਕਿਸਤਾਨ ਨੇ ਇੱਕ ਵਾਰ ਫਿਰ ਭਾਰਤ 'ਤੇ ਪ੍ਰਮਾਣੂ ਹਮਲੇ ਦੀ ਧਮਕੀ ਦਿੱਤੀ ਹੈ। ਰੂਸ ਵਿੱਚ ਪਾਕਿ-ਸਤਾਨ ਦੇ ਰਾਜਦੂਤ ਮੁਹੰਮਦ ਖਾਲਿਦ ਜਮਾਲੀ ਨੇ ਰਸੀਆ ਟੀਵੀ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਜੇਕਰ ਭਾਰਤ ਨਾਲ ਜੰਗ ਛਿੜਦੀ ਹੈ, ਤਾਂ ਪਾਕਿਸਤਾਨ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਕਰੇਗਾ।

ਲੀਕ ਹੋਏ ਦਸਤਾਵੇਜ਼ਾਂ ਦਾ ਹਵਾਲਾ ਦਿੰਦੇ ਹੋਏ ਖਾਲਿਦ ਨੇ ਦਾਅਵਾ ਕੀਤਾ ਕਿ ਭਾਰਤ ਪਾਕਿਸਤਾਨ ਦੇ ਕੁਝ ਖੇਤਰਾਂ 'ਤੇ ਹਮਲਾ ਕਰੇਗਾ। ਅਜਿਹੀ ਸਥਿਤੀ ਵਿੱਚ, ਪਾਕਿਸਤਾਨ ਪੂਰੀ ਤਾਕਤ ਨਾਲ ਭਾਰਤ 'ਤੇ ਹਮਲਾ ਕਰੇਗਾ।

ਇਸ ਤੋਂ ਪਹਿਲਾਂ ਪਾਕਿਸਤਾਨ ਦੇ ਰੇਲ ਮੰਤਰੀ ਹਨੀਫ਼ ਅੱਬਾਸੀ ਨੇ ਭਾਰਤ 'ਤੇ ਪਰਮਾਣੂ ਬੰਬ ਨਾਲ ਹਮਲਾ ਕਰਨ ਦੀ ਧਮਕੀ ਦਿੱਤੀ ਸੀ। ਅੱਬਾਸੀ ਨੇ ਕਿਹਾ ਸੀ ਕਿ ਭਾਰਤ ਲਈ ਸ਼ਾਹੀਨ, ਗੌਰੀ ਅਤੇ ਗਜ਼ਨਵੀ ਵਰਗੀਆਂ 130 ਮਿਜ਼ਾਈਲਾਂ ਰੱਖੀਆਂ ਗਈਆਂ ਹਨ।

ਭਾਰਤ ਨਾਲ ਵਧਦੇ ਤਣਾਅ ਦੇ ਵਿਚਕਾਰ ਪਾਕਿਸਤਾਨ ਨੇ ਪੀਓਕੇ ਵਿੱਚ ਕਣਕ ਦੇ ਆਟੇ ਦੀ ਸਪਲਾਈ ਵਧਾ ਦਿੱਤੀ ਹੈ। ਅਗਲੇ ਦੋ ਮਹੀਨਿਆਂ ਲਈ ਪੀਓਕੇ ਵਿੱਚ ਆਟਾ ਸਟਾਕ ਕੀਤਾ ਜਾ ਰਿਹਾ ਹੈ।

ਇਸ ਤੋਂ ਇਲਾਵਾ, ਪੀਓਕੇ ਲਈ 1 ਅਰਬ ਪਾਕਿਸਤਾਨੀ ਰੁਪਏ ਦਾ ਫੰਡ ਵੀ ਬਣਾਇਆ ਗਿਆ ਹੈ। ਇਸ ਫੰਡ ਦੀ ਵਰਤੋਂ ਐੱਲਓਸੀ ਦੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਕਣਕ ਦੇ ਆਟੇ ਦੀ ਸਪਲਾਈ, ਜੀਵਨ ਰੱਖਿਅਕ ਦਵਾਈਆਂ ਦੀ ਖਰੀਦ ਵਰਗੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕੀਤੀ ਜਾਵੇਗੀ।

## ਰੂਸ ਵਿਚ ਸ਼ੱਕੀ ਹਾਲਾਤਾਂ ਵਿੱਚ 34 ਸਾਲਾ ਨੌਜਵਾਨ ਦੀ ਮੌਤ




ਚੰਡੀਗੜ੍ਹ, 4 ਮਈ (ਪੋਸਟ ਬਿਊਰੋ): ਪੰਜਾਬ ਦੇ ਬਟਾਲਾ ਦੇ ਰਹਿਣ ਵਾਲੇ 34 ਸਾਲਾ ਵਿਅਕਤੀ ਦੀ ਰੂਸ ਵਿੱਚ ਸ਼ੱਕੀ ਹਾਲਾਤਾਂ ਵਿੱਚ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਨੂੰ ਰੂਸ ਵਿੱਚ ਇਨਫੈਕਸ਼ਨ ਹੋ ਗਿਆ ਸੀ, ਜਿਸ ਕਾਰਨ ਉਹ ਪਿਛਲੇ 20 ਦਿਨਾਂ ਤੋਂ ਬਿਮਾਰ ਸੀ। ਕੱਲ੍ਹ ਉਸਦੀ ਸਿਹਤ ਅਚਾਨਕ ਵਿਗੜ ਗਈ।

ਜਿਸ ਤੋਂ ਬਾਅਦ ਉਸਨੂੰ ਹਸਪਤਾਲ ਲਿਜਾਇਆ ਗਿਆ, ਪਰ 34 ਸਾਲਾ ਸਰਵਣ ਸਿੰਘ ਪੁੱਤਰ ਰਤਨ ਸਿੰਘ ਦੀ ਇਲਾਜ ਦੌਰਾਨ ਮੌਤ ਹੋ ਗਈ। ਮ੍ਰਿਤਕ ਪਿੰਡ ਮਿਰਜ਼ਾਜਾਨ, ਥਾਣਾ ਕਿਲ੍ਹਾ ਲਾਲ ਸਿੰਘ, ਬਟਾਲਾ ਦਾ ਵਸਨੀਕ ਸੀ। ਸਰਵਣ ਸਿੰਘ ਦੀ ਮੌਤ ਤੋਂ ਬਾਅਦ ਪਰਿਵਾਰ ਵਿੱਚ ਸੋਗ ਦੀ ਲਹਿਰ ਹੈ।

ਸਰਵਣ ਸਿੰਘ ਦਾ ਵਿਆਹ 2 ਸਾਲ ਪਹਿਲਾਂ ਹੋਇਆ ਸੀ।

ਜਾਣਕਾਰੀ ਅਨੁਸਾਰ, ਮਿਰਜ਼ਾਜਾਨ ਦਾ ਰਹਿਣ ਵਾਲਾ ਸਰਵਣ ਸਿੰਘ ਲਗਭਗ ਛੇ ਮਹੀਨੇ ਪਹਿਲਾਂ ਮਾਸਕੋ, ਰੂਸ ਗਿਆ ਸੀ। ਉਹ ਲਗਭਗ 20 ਦਿਨ ਪਹਿਲਾਂ ਅਚਾਨਕ ਬਿਮਾਰ ਹੋ ਗਿਆ। ਜਦੋਂ ਉਸਨੂੰ ਹਸਪਤਾਲ ਵਿੱਚ ਦਾਖਲ ਕਰਵ-ਾਇਆ ਗਿਆ ਤਾਂ ਪਤਾ ਲੱਗਾ ਕਿ ਉਸਨੂੰ ਇਨਫੈਕਸ਼ਨ ਸੀ ਅਤੇ ਸਰਵਣ ਦੀ ਕੱਲ੍ਹ ਉੱਥੇ ਮੌਤ ਹੋ ਗਈ। ਜਦੋਂ ਸਰਵਣ ਸਿੰਘ ਦੀ ਮੌਤ ਦੀ ਖ਼ਬਰ ਉਨ੍ਹਾਂ ਦੇ ਘਰ ਪਹੁੰਚੀ ਤਾਂ ਪੂਰੇ ਪਰਿਵਾਰ ਵਿੱਚ ਹਫੜਾ-ਦਫੜੀ ਮੱਚ ਗਈ ਅਤੇ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ। ਮ੍ਰਿਤਕ ਸਰਵਣ ਸਿੰਘ ਦਾ ਵਿਆਹ ਲਗਭਗ ਦੋ ਸਾਲ ਪਹਿਲਾਂ ਹੋਇਆ ਸੀ।

## ਹਵਾਈ ਸੈਨਾ ਦੇ ਮੁਖੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਕੀਤੀ ਮੁਲਾਕਾਤ

### ਪਹਿਲਗਾਮ ਅੱਤਵਾਦੀ ਹਮਲੇ ਦੇ ਸਬੰਧ ਵਿੱਚ ਕੀਤੀ ਗੱਲਬਾਤ

ਨਵੀਂ ਦਿੱਲੀ, 4 ਮਈ (ਪੋਸਟ ਬਿਊਰੋ): ਹਵਾਈ ਸੈਨਾ ਮੁਖੀ ਏਅਰ ਚੀਫ ਮਾਰਸ਼ਲ ਏਪੀ ਸਿੰਘ ਨੇ ਐਤਵਾਰ ਨੂੰ ਪਹਿਲਗਾਮ ਅੱਤਵਾਦੀ ਹਮਲੇ ਦੇ ਸਬੰਧ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਇਹ ਮਹੱਤਵਪੂਰਨ ਮੀਟਿੰਗ ਭਾਰਤ ਅਤੇ ਪਾਕਿਸਤਾਨ ਵਿਚਕਾਰ ਵਧਦੇ ਤਣਾਅ ਦੇ ਪਿਛੋਕੜ ਵਿੱਚ ਹੋਈ। ਇਸ ਤੋਂ ਪਹਿਲਾਂ, ਜਲ ਸੈਨਾ ਮੁਖੀ ਐਡਮਿਰਲ ਦਿਨੇਸ਼ ਕੇ ਤ੍ਰਿਪਾਠੀ ਨੇ ਸ਼ਨੀਵਾਰ ਨੂੰ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਅਰਬ ਸਾਗਰ ਵਿੱਚ ਮਹੱਤਵਪੂਰਨ ਸਮੁੰਦਰੀ ਮਾਰਗਾਂ ਦੀ ਸਮੁੱਚੀ ਸਥਿਤੀ ਬਾਰੇ ਜਾਣਕਾਰੀ ਦਿੱਤੀ।

ਹਵਾਈ ਸੈਨਾ ਮੁਖੀ ਏਅਰ ਚੀਫ ਮਾਰਸ਼ਲ ਅਮਰ ਪ੍ਰੀਤ ਸਿੰਘ ਅਤੇ ਪ੍ਰਧਾਨ ਮੰਤਰੀ ਮੋਦੀ ਵਿਚਕਾਰ ਰਾਸ਼ਟਰੀ ਰਾਜਧਾਨੀ ਵਿੱਚ ਲੋਕ ਕਲਿਆਣ ਮਾਰਗ ਵਿਖੇ ਉਨ੍ਹਾਂ ਦੇ ਨਿਵਾਸ ਸਥਾਨ ’ਤੇ ਇਹ ਮੁਲਾਕਾਤ ਪ੍ਰਧਾਨ ਮੰਤਰੀ ਵੱਲੋਂ ਰੱਖਿਆ ਮੰਤਰੀ ਰਾਜਨਾਥ ਸਿੰਘ, ਚੀਫ਼ ਆਫ਼ ਡਿਫੈਂਸ ਸਟਾਫ਼ ਜਨਰਲ ਅਨਿਲ ਚੌਹਾਨ ਅਤੇ ਤਿੰਨਾਂ ਸੈਨਾਵਾਂ ਦੇ ਮੁਖੀਆਂ ਦੀ ਹਾਜ਼ਰੀ ਵਿੱਚ ਹੋਈ ਇੱਕ ਮੀਟਿੰਗ ਤੋਂ ਕੁਝ ਦਿਨ ਬਾਅਦ ਹੋਈ। ਇਸ ਮੀਟਿੰਗ ਵਿੱਚ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ ਵੀ ਮੌਜੂਦ ਸਨ।




TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9


## ਪੰਜਾਬ ਪੁਲਿਸ ਨੇ ਦੋ ਪਾਕਿਸਤਾਨੀ ਜਾਸੂਸਾਂ ਨੂੰ ਕੀਤਾ ਕਾਬੂ



ਚੰਡੀਗੜ੍ਹ, 4 ਮਈ (ਪੋਸਟ ਬਿਊਰੋ): ਪੰਜਾਬ ਪੁਲਿਸ ਨੇ ਅਜਨ-ਾਲਾ ਅੰਮ੍ਰਿਤਸਰ ਤੋਂ ਦੋ ਪਾਕਿਸਤਾਨੀ ਜਾਸੂਸਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਦੋਵੇਂ ਅੰਮ੍ਰਿਤਸਰ ਦੇ ਆਰਮੀ ਕੈਂਟ ਅਤੇ ਏਅਰ ਫੋਰਸ ਬੇਸ ਤੋਂ ਸੰਵੇਦਨਸ਼ੀਲ ਜਾਣਕਾਰੀ ਅਤੇ ਤਸਵੀਰਾਂ ਵਿਦੇਸ਼ ਭੇਜ ਰਹੇ ਸਨ। ਉਨ੍ਹਾਂ ਦੀ ਪਛਾਣ ਸ਼ੇਰ ਮਸੀਹ ਅਤੇ ਸੂਰਜ ਮਸੀਹ ਵਜੋਂ ਹੋਈ ਹੈ।

ਪੰਜਾਬ ਪੁਲਿਸ ਅਨੁਸਾਰ, ਦੋਵੇਂ ਜਾਸੂਸ ਪਾਕਿਸਤਾਨ ਦੀ ਖੁਫੀਆ ਏਜੰਸੀ (ਆਈਐੱਸਆਈ) ਦੇ ਕਾਰਕੁਨਾਂ ਨਾਲ ਜੁੜੇ ਹੋਏ ਹਨ। ਉਹ ਹਰਪ੍ਰੀਤ ਸਿੰਘ ਉਰਫ਼ ਪਿੱਟੂ ਉਰਫ਼ ਹੈਪੀ ਰਾਹੀਂ ਆਈਐਸਆਈ ਨਾਲ ਜੁੜਿਆ, ਜੋਕਿ ਅੰਮ੍ਰਿਤਸਰ ਜੇਲ੍ਹ ਵਿੱਚ ਬੰਦ ਸੀ। ਇਸ ਮਾਮਲੇ ਵਿੱਚ ਸਰਕਾਰੀ ਭੇਤ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਅੰਮ੍ਰਿਤਸਰ ਦਿਹਾਤੀ ਪੁਲਿਸ ਜਲਦੀ ਹੀ ਇਸ ਬਾਰੇ ਹੋਰ ਜਾਣਕਾਰੀ ਦੇਵੇਗੀ।

ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਇਸ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਪੰਜਾਬ ਪੁਲਿਸ ਭਾਰਤੀ ਫੌਜ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ਰਾਸ਼ਟਰੀ ਸੁਰੱਖਿਆ ਸੰਬੰਧੀ ਕਿਸੇ ਵੀ ਸਾਜ਼ਿਸ਼ ਨੂੰ ਸਖ਼ਤੀ ਨਾਲ ਕੁਚਲ ਦਿੱਤਾ ਜਾਵੇਗਾ। ਹਥਿਆਰਬੰਦ ਬਲਾਂ ਦੀ ਸੁਰੱਖਿਆ ਨਾਲ ਛੇੜਛਾੜ ਕਰਨ ਦੀ ਕਿਸੇ ਵੀ ਕੋਸ਼ਿਸ਼ ਦਾ ਢੁੱਕਵਾਂ ਜਵਾਬ ਦਿੱਤਾ ਜਾਵੇਗਾ।


Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਲੈਂਗਲੀ ਦਾ ਸਿੱਖ ਵਿਰਾਸਤੀ ਮਹੀਨਾ ਮੇਲਾ ਸਿੱਖਿਆ, ਜਾਗਰੂਕਤਾ ਅਤੇ ਮਾਨਤਾ ਦਾ ਸੁਮੇਲ

ਲੈਂਗਲੀ, 4 ਮਈ (ਪੋਸਟ ਬਿਊਰੋ): ਬੀਤੇ ਦਿਨੀਂ 27 ਅਪ੍ਰੈਲ ਲੈਂਗਲੀ ਸ਼ਹਿਰ ਅਤੇ ਲੈਂਗਲੀ ਲਾਇਬ੍ਰੇਰੀ ਨੇ ਆਪਣੇ ਪਹਿਲੇ ਸਾਲਾਨਾ ਸਿੱਖ ਵਿਰਾਸਤ ਮਹੀਨੇ ਦੇ ਸਮਾਗਮ ਨੂੰ ਵੱਡੀ ਸਫਲਤਾ ਨਾਲ ਮਨਾਇਆ। ਲੈਂਗਲੀ ਸ਼ਹਿਰ ਦੇ ਮੇਅਰ ਨਾਥਨ ਪਾਹਾ ਅਤੇ ਕੌਂਸਲਰ ਰੋਜ਼ਮੇਰੀ ਵਾਲੇ ਸਮੇਤ ਲਗਭਗ ਸੌ ਲੋਕਾਂ ਨੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਦਸਤਾਰ ਬੰਨ੍ਹਣ, ਸਿੱਖਾਂ ਬਾਰੇ ਜਾਣਕਾਰੀ ਦੀ ਪ੍ਰਦਰਸ਼ਨੀ, ਕੈਨੇਡਾ ਵਿੱਚ ਸਿੱਖ ਵਿਰਾਸਤ, ਧਰਮ ਅਤੇ ਇਤਿਹਾਸ ਬਾਰੇ ਲੈਕਚਰ, ਅਤੇ ਢਾਡੀ ਵਾਰਾਂ ਦਾ ਆਨੰਦ ਮਾਣਿ-ਆ।

ਇਹ ਸਮਾਗਮ ਲੈਂਡ ਅਕਨੋਲਿਜ਼ਮੈਂਟ ਨਾਲ ਸ਼ੁਰੂ ਹੋਇਆ, ਜਿਸ ਤੋਂ ਬਾਅਦ ਜਸ਼ਨਪ੍ਰੀਤ ਸਿੰਘ ਰੰਧਾਵਾ ਦੁਆਰਾ ਸਿੱਖ ਧਰਮ, ਵਿਰਾਸਤ, ਅਤੇ ਉਹਨਾਂ ਦੇ ਕੇਨੈਡਾ ਵਿੱਚ ਇਤਿਹਾਸ ਬਾਰੇ ਇੱਕ ਬਹੁਤ ਹੀ ਜਾਣਕਾਰੀ ਭਰਪੂਰ ਸਲਾਈਡਸ਼ੋ ਪੇਸ਼ ਕੀਤਾ ਗਿਆ।

ਲੋਕਾਂ ਨੇ ਲਖਵਿੰਦਰ ਸਿੰਘ ਅਤੇ ਜਗਰਾਜ ਸਿੰਘ ਢਾਡੀ ਦੇ ਗਰੁੱਪ ਵੱਲੋਂ ਪੇਸ਼ ਕੀਤੇ ਸਿੱਖ ਰਵਾਇਤੀ ਸੰਗੀਤ ਦਾ ਆਨੰਦ ਮਾਇਆ। ਨਵਜੋਤ ਸਿੰਘ ਵੱਲੋਂ ਪੱਗਾਂ ਬੰਨਣ ਦੀ ਕਲਾ ਅਤੇ ਕੈਨੇਡਾ ਵਿੱਚ ਸਿੱਖ ਇਤਿਹਾਸ ਨੂੰ ਉਜਾਗਰ ਕਰਨ ਵਾਲੀ ਪ੍ਰਦਰਸ਼ਨੀ ਨੇ ਵੀ ਲੋਕਾਂ ਨੂੰ ਬਹੁਤ ਪ੍ਰਭਾਵਿਤ ਕੀਤਾ । ਸ਼ਹਿਰ ਦੇ ਸਟਾਫ ਨੇ ਲੋਕਾਂ ਨੂੰ ਇਮਾਰਤ ਦੇ ਅੰਦਰ ਆਪਣੇ ਨਵੇਂ ਖੁੱਲ੍ਹੇ ਕੈਫੇ ਵਿੱਚ ਰਵਾਇਤੀ ਭੋਜਨ ਸ਼ਾਮਲ ਕਰਨ ਲਈ ਆਪਣੇ ਵਿਚਾਰ ਦੇਣ ਲਈ ਕਿਹਾ। ਆਏ ਹੋਏ ਮਹਿਮਾਨਾਂ ਦੀ ਸਮੱਸਿਆਂ, ਬਿਸਕੁਟਾਂ ਅਤੇ ਕੌਫ਼ੀ ਨਾਲ ਪ੍ਰੋਹਣਾਚਾਰੀ ਕੀਤੀ ਗਈ।

ਇਸ ਸਮਾਗਮ ਦੌਰਾਨ ਦੋ ਪਰਿਵਾਰਾਂ ਨੂੰ ਲੈਂਗਲੀ ਭਾਈਚਾਰੇ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਮਨਜੀਤ ਗਿੱਲ ਅਤੇ ਉਨ੍ਹਾਂ ਦੇ ਪਤੀ ਡਾਰਸੀ ਗਿੱਲ ਵੱਲੋਂ ਲੈਂਗਲੀ ਦੇ ਭਾਈਚਾਰੇ ਲਈ ਪਾਏ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ । ਗਿੱਲ ਜੋੜੇ ਨੇ ਭਾਈਚਾਰੇ ਦੀ ਬਿਹਤਰੀ ਲਈ ਲੱਖਾਂ ਡਾਲਰ ਦਾ ਯੋਗਦਾਨ ਪਾਇਆ ਹੈ । ਉਹਨਾਂ ਨੇ ਲੈਂਗਲੀ ਮੈਮੋਰੀਅਲ ਹਸਪਤਾਲ ਦੇ ਵਿਸਥਾਰ ਲਈ ਦਸ ਲੱਖ ਤੋਂ ਵੀ ਵੱਧ ਦਾ ਦਾਨ ਦਿੱਤਾ ਹੈ ਜਿਸ ਨਾਲ ਹਸਪਤਾਲ ਵਿੱਚ ਇੱਕ ਨਵਾਂ ਐਮਆਰਆਈ ਕਲੀਨਿਕ ਦੀਆਂ ਸੇਵਾਵਾਂ ਉਪਲੱਭਦ ਕਰਵਾਈਆਂ ਗਈਆਂ ਹਨ। ਮਨਜੀਤ ਗਿੱਲ ਜੋ ਕਿ 50 ਸਾਲ ਤੋਂ ਵੀ ਵੱਧ ਲੈਂਗਲੀ ਵਿੱਚ ਰਹਿ ਰਹੀ ਹੈ, ਇੱਕ ਬਹੁਤ ਹੀ ਨੇਕ ਦਿੱਲ, ਅਗਾਂਹਵਧੂ, ਬਹੁਤ ਵਧੀਆ ਕਵਿਤਾ ਲੇਖਿਕਾ, ਅਤੇ ਲੋਕਾਂ ਦੀ ਮੱਦਦ ਕਰਨ ਵਾਲੀ ਇਨਸਾਨ ਹੈ । ਡਾਰਸੀ ਗਿੱਲ ਦਾ ਪਰਿਵਾਰ 1924 ਵਿੱਚ ਲੈਂਗਲੀ ਵਿੱਚ ਵੱਸਿਆ ਅਤੇ ਉਦੋਂ ਤੋਂ ਲੈਂਗਲੀ ਵਿੱਚ ਹੀ ਰਹਿ ਰਿਹਾ ਹੈ। ਗਿੱਲ ਪਰਿਵਾਰ ਲੈਂਗਲੀ ਭਾਈਚਾਰੇ ਵਿੱਚ ਬਹੁਤ ਹੀ ਸਤਿਕਾਰ ਨਾਲ ਜਾਇਆ ਜਾਂਦਾ ਹੈ।

ਦੂਜਾ ਪਰਿਵਾਰ ਜਿਸਨੂੰ ਸਨਮਾਨਿਤ ਕੀਤਾ ਗਿਆ ਉਹ ਵੀ ਲੰਬੇ ਸਮੇਂ ਤੋਂ ਕੈਨੇਡਾ ਵਿੱਚ ਰਹਿ ਰਿਹਾ ਹੈ। ਹਰਚਰਨ ਸਿੰਘ ਕੁੰਦਨ ਫਰਵਰੀ 1968 ਵਿੱਚ ਇੰਗਲੈਂਡ ਤੋਂ ਕੈਨੇਡਾ ਆਏ, ਅਤੇ ਥੋੜ੍ਹੇ ਸਮੇਂ ਲਈ ਮਾਂਟਰੀਅਲ ਅਤੇ ਫਿਰ ਵੈਨਕੂਵਰ ਵਿੱਚ ਰਹੇ ਅਤੇ ਅੰਤ ਵਿੱਚ ਲੈਂਗਲੀ ਵਿੱਚ ਵੱਸ ਗਏ, ਜਿਸਨੂੰ ਉਹ ਮਾਣ ਨਾਲ ਆਪਣਾ ਘਰ ਕਹਿੰਦੇ ਹਨ ਅਤੇ ਪਿਛਲੇ 56 ਸਾਲਾਂ ਤੋਂ ਆਪਣੇ ਪਰਿਵਾਰ ਨਾਲ ਇਥੇ ਹੀ ਰਹਿ ਰਹੇ ਹਨ। ਉਹਨਾਂ ਨੇ ਆਪਣੇ ਹੁਨਰ ਅਤੇ ਸਖ਼ਤ ਮਿਹਨਤ ਨਾਲ ਇਸ ਭਾਈਚਾਰੇ ਦੀ ਕਈ ਦਹਾਕਿਆਂ ਲਈ ਸੇਵਾ ਕੀਤੀ ਹੈ ਅਤੇ ਉਹ ਇਸ ਭਾਈਚਾਰੇ ਵਿੱਚ ਰਹਿਣ ਲਈ ਮਾਣ ਮਹਿਸੂਸ ਕਰਦੇ ਹਨ ।

ਕੁੱਲ ਮਿਲਾ ਕੇ, ਇਹ ਮੇਲਾ ਸਥਾਨਕ ਲੋਕਾਂ ਲਈ ਸਿੱਖ ਵਿਰਾਸਤ ਅਤੇ ਸੱਭਿਆਚਾਰ ਨੂੰ ਜਾਨਣ ਦਾ ਇੱਕ ਬਹੁਤ ਹੀ ਵਧੀਆ ਮੌਕਾ ਸੀ। ਪ੍ਰੋਗਰਾਮ ਦੇ ਅੰਤ ਵਿੱਚ, ਲਾਇਬ੍ਰੇਰੀ ਮੈਨੇਜਰ ਡਾ. ਸਰਵਣ ਸਿੰਘ ਰੰਧਾਵਾ ਨੇ ਆਏ ਹੋਏ ਲੋਕਾਂ, ਵਿਸ਼ੇਸ਼ ਮਹਿਮਾਨਾਂ, ਬੁਲਾਰਿਆਂ, ਵਲੰਟੀਅਰਾਂ, ਸ਼ਹਿਰ ਅਤੇ ਲਾਇਬ੍ਰੇਰੀ ਦੇ ਸਟਾਫ਼ ਅਤੇ ਮੀਡੀਆ ਦਾ ਧੰਨਵਾਦ ਕੀਤਾ।








PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਜੰਮੂ-ਕਸ਼ਮੀਰ ਵਿੱਚ ਫੌਜ ਦੀ ਗੱਡੀ ਡੂੰਘੀ ਖੱਡ ਵਿੱਚ ਡਿੱਗੀ, ਤਿੰਨ ਜਵਾਨਾਂ ਦੀ ਮੌਤ



ਰਾਮਬਨ, 4 ਮਈ (ਪੋਸਟ ਬਿਊਰੋ): ਜੰਮੂ-ਕਸ਼ਮੀਰ ਦੇ ਰਾਮਬਨ ਜ਼ਿਲ੍ਹੇ ਦੇ ਬੈਟਰੀ ਚਸ਼ਮਾ ਖੇਤਰ ਵਿੱਚ ਐਤਵਾਰ ਨੂੰ ਇੱਕ ਫੌਜ ਦੀ ਗੱਡੀ 600 ਮੀਟਰ ਡੂੰਘੀ ਖੱਡ ਵਿੱਚ ਡਿੱਗ ਗਈ। ਇਸ ਹਾਦਸੇ ਵਿੱਚ 3 ਜਵਾਨਾਂ ਦੀ ਮੌਤ ਹੋ ਗਈ। ਮ੍ਰਿਤਕ ਜਵਾਨਾਂ ਦੀ ਪਛਾਣ ਅਮਿਤ ਕੁਮਾਰ, ਸੁਜੀਤ ਕੁਮਾਰ ਅਤੇ ਮਾਨ ਬਹਾਦਰ ਵਜੋਂ ਹੋਈ ਹੈ।

ਜਾਣਕਾਰੀ ਅਨੁਸਾਰ, ਫੌਜ ਦੀ ਗੱਡੀ ਜੰਮੂ ਤੋਂ ਸ੍ਰੀਨਗਰ ਜਾ ਰਹੇ ਕਾਫਲੇ ਦਾ ਹਿੱਸਾ ਸੀ। ਸਵੇਰੇ ਲਗਭਗ 11:30 ਵਜੇ, ਜੰਮੂ-ਸ੍ਰੀਨਗਰ ਰਾਸ਼ਟਰੀ ਰਾਜਮਾਰਗ 44 'ਤੇ ਡਰਾਈਵਰ ਨੇ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਗੱਡੀ ਖੱਡ ਵਿੱਚ ਡਿੱਗ ਗਈ। ਫੌਜ, ਪੁਲਿਸ, ਐੱਸਡੀਆਰਐੱਫ ਅਤੇ ਸਥਾਨਕ ਪ੍ਰਸ਼ਾਸਨ ਬਚਾਅ ਕਾਰਜ ਚਲਾ ਰਹੇ ਹਨ।

ਸ਼ੁੱਕਰਵਾਰ ਨੂੰ ਰਾਮਬਨ ਵਿੱਚ ਬੱਦਲ ਫਟਣ ਕਾਰਨ ਭਾਰੀ ਨੁਕਸਾਨ ਹੋਇਆ। ਸੜਕ 'ਤੇ ਚਿੱਕੜ ਕਾਰਨ ਐੱਨਐੱਚ-44 ਦੋਨਾਂ ਪਾਸਿਆਂ ਤੋਂ ਬੰਦ ਸੀ। ਪ੍ਰਸ਼ਾਸਨ ਨੇ ਹਾਈਵੇਅ ਸਾਫ਼ ਹੋਣ ਦੀ ਜਾਣਕਾਰੀ ਮਿਲਣ ਤੋਂ ਬਾਅਦ ਹੀ ਲੋਕਾਂ ਨੂੰ ਯਾਤਰਾ ਲਈ ਬਾਹਰ ਜਾਣ ਲਈ ਸੁਚੇਤ ਕੀਤਾ ਸੀ।

ਇਸ ਤੋਂ ਪਹਿਲਾਂ, 4 ਜਨਵਰੀ ਨੂੰ, ਬਾਂਦੀਪੋਰਾ ਜ਼ਿਲ੍ਹੇ ਵਿੱਚ ਇੱਕ ਫੌਜ ਦੇ ਟਰੱਕ ਦੇ ਖੱਡ ਵਿੱਚ ਡਿੱਗਣ ਨਾਲ 4 ਸੈਨਿਕ ਮਾਰੇ ਗਏ ਸਨ। 2 ਸੈਨਿਕ ਗੰਭੀਰ ਜ਼ਖਮੀ ਹੋ ਗਏ ਸਨ। ਟਰੱਕ ਵਿੱਚ ਸਿਰਫ਼ 6 ਸੈਨਿਕ ਸਵਾਰ ਸਨ। ਅਧਿਕਾਰੀਆਂ ਨੇ ਦੱਸਿਆ ਕਿ ਇਹ ਹਾਦਸਾ ਜ਼ਿਲ੍ਹੇ ਦੇ ਐਸਕੇ ਪਾਇਨ ਖੇਤਰ ਵਿੱਚ ਹੋਇਆ।

# ਸੀਮਾ ਹੈਦਰ 'ਤੇ ਗੁਜਰਾਤ ਦੇ ਇੱਕ ਨੌਜਵਾਨ ਨੇ ਘਰ ਵਿੱਚ ਦਾਖਲ ਹੋ ਕੇ ਕੀਤਾ ਹਮਲਾ ਕੀਤਾ, ਗਲਾ ਘੁੱਟਿਆ ਅਤੇ ਮਾਰੇ ਥੱਪੜ



ਨੋਇਡਾ, 4 ਮਈ (ਪੋਸਟ ਬਿਊਰੋ): ਨੋਇਡਾ ਵਿੱਚ ਇੱਕ ਨੌਜਵਾਨ ਨੇ ਪਾਕਿਸਤਾਨੀ ਸੀਮਾ ਹੈਦਰ 'ਤੇ ਹਮਲਾ ਕੀਤਾ। ਸ਼ਨੀਵਾਰ ਸ਼ਾਮ ਨੂੰ, ਗੁਜਰਾਤ ਦਾ ਇੱਕ ਨੌਜਵਾਨ ਸੀਮਾ ਦੇ ਘਰ ਪਹੁੰਚਿਆ। ਦੋਸ਼ ਹੈ ਕਿ ਉਸਨੇ ਮੁੱਖ ਗੇਟ 'ਤੇ ਜ਼ੋਰਦਾਰ ਲੱਤ ਮਾਰੀ, ਫਿਰ ਜਿਵੇਂ ਹੀ ਉਹ ਅੰਦਰ ਦਾਖਲ ਹੋਇਆ, ਉਸਨੇ ਸੀਮਾ ਦਾ ਗਲਾ ਘੁੱਟਣਾ ਸ਼ੁਰੂ ਕਰ ਦਿੱਤਾ। ਉਸਨੇ ਸੀਮਾ ਨੂੰ ਤਿੰਨ-ਚਾਰ ਵਾਰ ਥੱਪੜ ਮਾਰਿਆ। ਸੀਮਾ ਹੈਦਰ ਘਟਨਾ ਤੋਂ ਡਰ ਗਈ ਅਤੇ ਰੌਲਾ ਪਾ ਦਿੱਤਾ।

ਰੌਲਾ ਸੁਣ ਕੇ ਉਸਦੇ ਪਰਿਵਾਰਕ ਮੈਂਬਰ ਉੱਥੇ ਪਹੁੰਚ ਗਏ। ਹਮਲਾਵਰ ਨੂੰ ਫੜ ਲਿਆ ਗਿਆ। ਸੀਮਾ ਹੈਦਰ ਨੇ ਅਧਿਕਾਰੀਆਂ ਨੂੰ ਘਟਨਾ ਬਾਰੇ ਜਾਣਕਾਰੀ ਦਿੱਤੀ। ਪੁਲਿਸ ਮੌਕੇ 'ਤੇ ਪਹੁੰਚੀ। ਸੀਮਾ ਦੀ ਸੱਸ ਰਿਤੂ ਮੀਨਾ ਦੀ ਸ਼ਿਕਾਇਤ 'ਤੇ, ਕੋਤਵਾਲੀ ਇੰਚਾਰਜ ਰਾਬੂਪੁਰਾ ਸੁਜੀਤ ਕੁਮਾਰ ਨੇ ਮੁਲਜ਼ਮਾਂ ਵਿਰੁੱਧ ਕੇਸ ਦਰਜ ਕੀਤਾ ਹੈ।

ਉਸਨੂੰ ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ ਜੇਲ੍ਹ ਭੇਜ ਦਿੱਤਾ ਗਿਆ ਹੈ। ਮੁਲਜ਼ਮ ਨੇ ਕਿਹਾ ਕਿ ਉਹ ਸੀਮਾ ਅਤੇ ਸਚਿਨ ਦਾ ਪ੍ਰਸ਼ੰਸਕ ਹੈ। ਸੀਮਾ ਨੇ ਉਸ 'ਤੇ ਕਾਲਾ ਜਾਦੂ ਕੀਤਾ ਹੈ। ਹਾਲਾਂਕਿ, ਪੁਲਿਸ ਹਮਲੇ ਦੀ ਪੁਸ਼ਟੀ ਨਹੀਂ ਕਰ ਰਹੀ ਹੈ।

ਮੁਲਜ਼ਮ ਨੌਜਵਾਨ ਦੀ ਪਛਾਣ ਤੇਜਸ ਝਾਨੀ ਪੁੱਤਰ ਜੈਂਦਰ ਭਾਈ ਵਜੋਂ ਹੋਈ ਹੈ, ਜੋ ਗੁਜਰਾਤ ਦੇ ਸੁਰਿੰਦਰਨਗਰ ਜ਼ਿਲ੍ਹੇ ਵਿੱਚ ਟੀਬੀ ਹਸਪਤਾਲ ਦੇ ਨੇੜੇ ਰਹਿੰਦਾ ਹੈ। ਨੌਜਵਾਨ ਰੇਲਗੱਡੀ ਰਾਹੀਂ ਗੁਜਰਾਤ ਤੋਂ ਦਿੱਲੀ ਆਇਆ ਸੀ। ਕਿਸੇ ਤਰ੍ਹਾਂ ਉਹ ਰਾਬੂਪੁਰਾ ਵਿੱਚ ਸੀਮਾ ਹੈਦਰ ਦੇ ਘਰ ਪਹੁੰਚ ਗਿਆ। ਏਸੀਪੀ ਨੇ ਕਿਹਾ ਕਿ ਮੁਲਜ਼ਮ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਉਸਦੀ ਮਾਨਸਿਕ ਸਥਿਤੀ ਠੀਕ ਨਹੀਂ ਹੈ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
416.230.4000 • 647.409.1092
WWW.STARLANEPAINTING.COM

## ਲੜਕੇ ਦੀ ਲੋੜ

suitable match for **Sikh Jatt Girl.** Born in Jan 1995, 5'5" tall. **working with the Government of Canada** and resides in Canada. She is a blend of modern values and traditional upbringing—cultured, respectful, and family-oriented.

looking for a professionally qualified, well-settled Sikh Jatt boy from a respectable family, preferably residing in Canada.

**Contact: +1 306 302 9009**

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

# ਗਿਆਨੀ ਜੀ ਨੇ ਪਾਰਟੀਬਾਜ਼ੀ ਤੋਂ ਉਪਰ ਉਠਕੇ ਹਰ ਵਿਅਕਤੀ ਦਾ ਕੀਤਾ ਸਤਿਕਾਰ

## 5 ਮਈ: ਜਨਮ ਦਿਨ 'ਤੇ ਵਿਸ਼ੇਸ਼

ਗਿਆਨ ਸਿੰਘ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ (ਰਿਟਾ.)
ਮੋਬਾਈਲ ਨੰ 9815784100

ਗਿਆਨੀ ਜ਼ੈਲ ਸਿੰਘ ਨੇ ਭਾਰਤ ਦੇ ਸੱਤਵੇਂ ਰਾਸ਼ਟਰਪਤੀ ਬਣਕੇ ਪਿੰਡ ਸੰਧਵਾਂ ਤੋ ਦਿੱਲੀ ਦੇ ਰਾਸ਼ਟਰਪਤੀ ਭਵਨ ਤੱਕ ਦਾ ਸਫਰ ਤਹਿ ਕੀਤਾ। ਗਿਆਨੀ ਜ਼ੈਲ ਸਿੰਘ ਨੇ ਹਮੇਸਾ ਸ੍ਰੀ ਗੁਰੁ ਗਰੰਥ ਸਾਹਿਬ ਦਾ ਓਟ ਆਸਰਾ ਲਿਆ ਤੇ ਗੁਰਬਾਣੀ ਨੂੰ ਆਪਣਾ ਮਾਰਗ ਦਰਸ਼ਕ ਬਣਾਇਆ। ਉਹਨਾਂ ਦਾ ਗੁਰਬਾਣੀ ਤੇ ਅਟੁੱਟ ਵਿਸ਼ਵਾਸ ਸੀ। ਗਿਆਨੀ ਜੀ ਨੇ ਹਮੇਸਾ ਆਪਣੇ ਸੰਧਵਾਂ ਵਾਲੇ ਘਰ
ਤੋਂ ਲੈ ਕੇ ਰਾਸ਼ਟਰਪਤੀ ਭਵਨ ਤੱਕ ਸ੍ਰੀ ਗੁਰੁ ਗਰੰਥ ਸਾਹਿਬ ਦਾ ਪ੍ਰਕਾਸ਼ ਕਰਵਾਇਆ।

ਗਿਆਨੀ ਜ਼ੈਲ ਸਿੰਘ ਜਦੋਂ 17 ਮਾਰਚ 1972 ਨੂੰ ਪੰਜਾਬ ਦੇ ਮੁੱਖ ਮੰਤਰੀ ਬਣੇ। ਉਹਨਾਂ ਨੇ ਮੁੱਖ ਮੰਤਰੀ ਦਾ ਅਹੁੱਦਾ ਸੰਭਾਲਣ ਉਪਰੰਤ ਸਭ ਤੋਂ ਪਹਿਲਾ ਕੰਮ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਯਾਦ ਨੂੰ ਸਮਰਪਤਿ ਦੋ ਤਖ਼ਤਾਂ ਸ੍ਰੀ ਅਨੰਦਪੁਰ ਸਾਹਬਿ ਤੇ ਸ੍ਰੀ ਤਖ਼ਤ ਦਮਦਮਾ ਸਾਹਬਿ ਤਲਵੰਡੀ ਸਾਬੋ ਨੂੰ ਜੋੜ੍ਹਨ ਵਾਲਾ 640 ਕਿਲੋਮਮੀਟਰ "ਗੁਰੂ ਗੋਬਿੰਦ ਸਿੰਘ ਮਾਰਗ" ਬਣਵ-ਾਇਆ। ਗਿਆਨੀ ਜੀ ਨੇ ਗੋਬਿੰਦ ਸਿੰਘ ਮਾਰਗ ਬਣਾਉਣ ਤੋਂ ਪਹਿਲਾਂ ਉਸ ਵੇਲੇ ਦੇ ਸ਼੍ਰੋਮਣੀ ਗੁਰੂਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜੱਥੇਦਾਰ ਗੁਰਚਰਨ ਸਿੰਘ ਟੌਹੜਾ ਤੇ ਸਾਰੀਆਂ ਸਿਆਸੀ ਪਾਰਟੀਆਂ ਦੇ ਮੁੱਖੀਆਂ, ਸੰਤਾਂ, ਮਹਾਂਪੁਰਸ਼ਾ ਨਾਲ ਵਿਚਾਰ ਵਟਾਂਦਰਾ ਕਰਨ ਲਈ ਮੀਟਿੰਗ ਬੁਲਾਈ। ਸ੍ਰੀ ਅਨੰਦਪੁਰ ਸਾਹਬਿ ਤੋਂ ਗੁਰੂ ਗੋਬਿੰਦ ਸਿੰਘ ਮਾਰਗ ਤੇ ਯਾਤਰਾ ਦੇ ਆਰੰਭ ਸਮੇਂ ਗਿਆਨੀ ਜੀ ਨੇ ਖੁਲ੍ਹੀ ਜੀਪ ਵਿਚ ਜੱਥੇਦਾਰ ਗੁਰਚਰਨ ਸਿੰਘ ਟੌਹੜਾ ਨੂੰ ਆਪਣੇ ਨਾਲ ਖੜ੍ਹਾ ਕੀਤਾ। ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਧਾਰਮਕਿ ਮਾਰਚ 6 ਤੋ 13 ਅਪ੍ਰੈਲ 1972 ਤੱਕ ਚਲਿਆ।

ਗਿਆਨੀ ਜੀ ਦਾ ਦੂਜਾ ਵੱਡਾ ਕਾਰਨਾਮਾ ਮਹਾਨ ਸੂਫੀ ਸੰਤ ਬਾਬਾ ਫ਼ਰੀਦ ਜੀ ਦੀ ਵਰੋਸਾਈ ਧਰਤੀ ਤੇ ਆਪਣੇ ਜੱਦੀ ਪ੍ਰਿੰਡ ਸੰਧਵਾਂ ਦੇ ਨਜ਼ਦੀਕ ਫ਼ਰੀਦਕੋਟ ਨੂੰ 7 ਅਗਸਤ 1972
ਨੂੰ ਪੰਜਾਬ ਦਾ ਬਾਰਵਾਂ ਜ਼ਿਲ੍ਹਾ ਬਣਾਇਆ। ਮੁੱਖ ਮੰਤਰੀ ਬਣਨ ਉਪਰੰਤ ਮਹਾਰਾਜਾ ਫਰੀਦਕੋਟ ਸ ਹਰਿੰਦਰ ਸਿੰਘ ਬਰਾੜ ਦੇ ਕੋਲ ਜਾ ਕੇ ਧੰਨਵਾਦ ਕਰਨਾ ਤੇ ਕਹਿਣਾ ਕਿ ਉਨਾਂ ਦੀ ਬਦੌਲਤ ਹੀ ਉਹ ਮੁੱਖ ਮੰਤਰੀ ਬਣੇ ਹਨ। ਉਹਨਾਂ ਫਰੀਦਕੋਟ ਨੂੰ ਜ਼ਿਲ੍ਹਾ ਬਨਾਉਣ ਲਈ ਮਹਾਰਾਜਾ ਫ਼ਰੀਦਕੋਟ ਤੋਂ ਕਿਲ੍ਹੇ ਸਮੇਤ ਹੋਰ ਇਮਾਰਤਾਂ ਦੀ ਮੰਗ ਕੀਤੀ ਜੋ ਰਾਜੇ ਨੇ ਤੁਰੰਤ ਹਾਂ ਕਰ ਦਿੱਤੀ। ਇਥੇ ਜ਼ਿਕਰਯੋਗ ਹੈ ਕਿ ਫ਼ਰੀਦਕੋਟ ਦੇ ਮਹਾਰਾਜਾ ਹਰਿੰਦਰ ਸਿੰਘ ਬਰਾੜ ਦੇ ਰਾਜ ਸਮੇਂ ਗਿਆਨੀ ਜੀ ਨੂੰ ਤਸੀਹੇ ਦਿੱਤੇ ਗਏ ਤੇ ਅਨੇਕਾਂ ਵਧੀਕੀਆਂ ਕੀਤੀਆਂ ਸਨ। ਗਿਆਨੀ ਜੀ ਨੇ ਆਪਣੇ ਪਿੰਡ ਸੰਧਵਾਂ ਦੇ ਵਸਨੀਕ ਵਿਰੋਧੀ ਧਿਰ ਦੇ ਨੇਤਾ ਸਵਰਗੀ ਸ ਜਸਵਿੰਦਰ ਸਿੰਘ
ਬਰਾੜ ਸਾਬਕਾ ਮੰਤਰੀ ਨੂੰ ਭਰੋਸੇ ਵਿਚ ਲੈ ਕੇ ਜ਼ਿਲ੍ਹਾ ਬਣਾਉਣ ਦਾ ਫੈਸਲਾ ਲਿਆ ਅਤੇ ਉਦਘਾਟਨ ਵਾਲੇ ਦਿਨ ਗਿਆਨੀ ਜੀ ਨੇ ਸ ਜਸਵਿੰਦਰ ਸਿੰਘ ਬਰਾੜ ਨੂੰ ਆਪਣੇ ਨਾਲ ਖੁਲ੍ਹੀ ਜੀਪ ਵਿਚ ਖੜ੍ਹਾ ਕੀਤਾ।

5 ਮਈ 1916 ਨੂੰ ਗਿਆਨੀ ਜ਼ੈਲ ਸਿੰਘ ਨੇ ਮਾਤਾ ਇੰਦ ਕੌਰ ਦੀ ਕੁਖੋ ਭਾਈ ਕਿਸ਼ਨ ਸਿੰਘ ਦੇ ਘਰ ਪਿੰਡ ਸੰਧਵਾਂ ਵਿਖੇ ਜਨਮ ਲਿਆ ਸੀ। ਉਨਾਂ ਦਾ ਸਿੱਖ ਧਰਮ ਅਤੇ ਗੁਰਬਾਣੀ ਵਿਚ ਅਟੁੱਟ ਵਿਸ਼ਵਾਸ ਅਤੇ ਸ਼ਰਧਾ ਸੀ। ਉਨਾਂ ਦਾ ਪਿਛੋਕੜ ਕ੍ਰਿਤੀ ਪ੍ਰੀਵਾਰ ਨਾਲ ਸਬੰਧਿਤ ਸੀ।

ਗਿਆਨੀ ਜ਼ੈਲ ਸਿੰਘ ਦੇ ਵਿਅਕਤੀਵ ਬਾਰੇ ਕੁਝ ਗੱਲਾਂ ਹਨ,ਉਹ ਬਹੁਤ ਸੂਝਵਾਨ ਅਤੇ ਦੂਰਦਰਸ਼ੀ ਸਨ। ਉਹ ਨਿੱਘੇ ਸੁਭਾਅ ਦੇ ਵਿਅਕਤੀ ਸਨ। ਉਨਾਂ ਦਾ ਵਡੱਪਣ ਸੀ ਕਿ ਉਹ ਆਮ ਲੋਕਾਂ ਤੋਂ ਲੈ ਕੇ ਆਪਣੇ ਵਿਰੋਧੀਆਂ ਤੱਕ ਨਿਮਰਤਾ ਤੇ ਹਲੀਮੀ ਨਾਲ ਪੇਸ਼ ਆਉਦੇ ਸਨ।
ਇਤਿਹਾਸਕ ਪੱਖ ਤੇ ਨਜ਼ਰ ਮਾਰੀਏ ਤਾਂ ਇਤਫ਼ਾਕ ਨਾਲ ਗਿਆਨੀ ਜ਼ੈਲ ਸਿੰਘ ਨੂੰ 25 ਜੁਲਾਈ 1982 ਨੂੰ ਭਾਰਤ ਦੇ 7ਵੇਂ ਰਾਸ਼ਟਰਪਤੀ ਬਣਨ ਉਪਰੰਤ ਲਾਲ ਕਿਲ੍ਹੇ ਦੀ ਫ਼ਸੀਲ ਤੇ 26 ਜਨਵਰੀ 1983 ਨੂੰ ਤਿਰੰਗਾ ਲਹਿਰਾਉਣ ਦਾ ਮਾਣ ਪ੍ਰਾਪਤ ਹੋਇਆ ਸੀ ਅਤੇ ਉਹ ਇਸ ਅਹੁੱਦੇ ਤੇ 25 ਜੁਲਾਈ, 1987 ਤਕ ਰਹੇ। ਇਸ ਤੋਂ ਪਹਿਲਾਂ ਉਹ ਪੈਪਸੂ ਵਿਚ ਮਾਲ ਅਤੇ ਖੇਤੀਬਾੜੀ ਮੰਤਰੀ, 1972 ਤੋਂ 1977 ਤੱਕ ਪੰਜਾਬ ਦੇ ਮੁੱਖ ਮੰਤਰੀ, 1980 ਤੋਂ 1982 ਤਕ ਤੱਕ ਭਾਰਤ ਦੇ ਗ੍ਰਹਿ ਮੰਤਰੀ ਰਹੇ। ਉਹ ਸਾਰੀ ਉਮਰ ਕਾਂਗਰਸ ਪਾਰਟੀ ਦੇ ਵਫਾਦਾਰ ਰਹੇ। ਅੱਜ ਸਿਆਸੀ ਪਾਰਟੀਆਂ ਦੀਆਂ ਵਫਾਦਾਰੀਆਂ ਸੌਦੇਬਾਜੀ ਬਣ ਕੇ ਰਹਿ ਗਈਆਂ ਹਨ। ਅੱਜ ਦੇਸ਼ ਵਿਚ ਕੋਈ ਵੀ ਸਿਆਸੀ ਪਾਰਟੀ ਦਾਅਵੇ ਨਾਲ ਆਪਣੇ ਮੈਂਬਰਾਂ ਤੇ ਵਿਸ਼ਵਾਸ ਨਹੀ ਕਰ ਸਕਦੀ। ਹੁਣ ਆਇਆ ਰਾਮ ਗਿਆ ਰਾਮ ਦਾ ਦੌਰ ਚੱਲ ਰਿਹਾ। ਗਿਆਨੀ ਜ਼ੈਲ ਸਿੰਘ ਦੇ ਮੌਕੇ ਅਜਿਹਾ ਨਹੀ ਸੀ। ਹੁਣ ਸਿਆਸੀ ਪਾਰਟੀਆਂ ਦੀ ਵਫਾਦਾਰੀ ਸੌਦੇਬਾਜੀ ਤੇ ਨਿਰਭਰ ਹੈ, ਸੌਦੇਬਾਜੀ ਹੋਈ ਤਾਂ ਠੀਕ,
ਨਹੀ ਕਿਸੇ ਹੋਰ ਸਿਆਸੀ ਪਾਰਟੀ ਦਾ ਲੜ੍ਹ ਫੜ ਲੈਦੇ ਹਨ। ਜਿੰਨੀ ਦਲਬਦਲੀ ਪਿਛਲੇ ਚਾਰ ਪੰਜ ਸਾਲਾਂ ਦੌਰਾਨ ਹੋਈ ਇਸਨੇ ਪਛਿਲੇ 75 ਸਾਲਾਂ ਦੇ ਇਤਿਹਾਸ ਨੂੰ ਮਾਤ ਪਾ ਦਿੱਤੀ । ਸਿਆਸੀ ਪਾਰਟੀਆਂ ਨੂੰ ਮਾਲਦਾਰ ਸਾਮੀਆਂ ਤੇ ਮੌਕਾਪ੍ਰਸਤਾਂ ਦੀ ਲੋੜ ਹੈ। ਅਜਿਹੀ ਸਥਿਤੀ ਵਿਚ ਆਮ ਨਾਗਰਿਕ ਭੰਬਲਭੂਸੇ ਵਿਚ ਹਨ ਕਿ ਭਵਿੱਖ ਵਿਚ ਕਿਸ ਪਾਰਟੀ ਦੇ ਉਮੀਦਵਾਰ ਦਾ ਸਮਰੱਥਨ ਕਰਨ। ਸਿਆਸੀ ਨੇਤਾਵਾਂ ਨੂੰ ਗਿਆਨੀ ਜ਼ੈਲ ਸਿੰਘ ਦੇ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ, ਉਹ ਜੀਵਨ ਭਰ ਆਲ ਇੰਡੀਆ ਕਾਂਗਰਸ ਪਾਰਟੀ ਦੇ ਵਫਾਦਾਰ ਰਹੇ।



ਉਨਾਂ ਨੇ ਆਪਣੇ ਪਰਵਿਾਰ ਦੇ ਮੈਂਬਰਾਂ ਨੂੰ ਸਿਆਸਤ ਤੋਂ ਹਮੇਸਾ ਦੂਰ ਰੱਖਿਆ। ਆਪ ਨੇ 1972 ਵਿਚ ਪੰਜਾਬ ਦੇ ਮੁੱਖ ਮੰਤਰੀ ਬਣਨ ਉਪਰੰਤ ਆਪਣੇ ਇਕਲੌਤੇ ਪੁੱਤਰ ਜੋਗਿੰਦਰ ਸਿੰਘ ਨੂੰ ਨਾਲ ਲੈ ਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਬਿ ਵਿਖੇ ਮੱਥਾ ਟੇਕਣ ਗਏ ਜਿੱਥੇ ਉਸ ਕੋਲੋਂ ਵਚਨ ਲਿਆ ਕਿ ਉਹ ਸਰਕਾਰ ਦੇ ਕੰਮਕਾਜ ਵਿੱਚ ਕੋਈ ਦਖ਼ਲਅੰਦਾਜ਼ੀ ਨਹੀਂ ਕਰੇਗਾ। ਉਨਾਂ ਨੇ ਪਰਮਾਤਮਾ ਕੋਲੋ ਆਸ਼ੀਰਵਾਦ ਲਿਆ ਅਤੇ ਆਪਣੀ ਜਿੰਮੇਵਾਰੀ ਸੰਭਾਲੀ ਸੀ ਤੇ ਸਫ਼ਲਤਾ ਪੂਰਵਿਕ ਨਿਭਾਈ। ਗਿਆਨੀ ਜੀ ਨੇ ਮੁੱਖ ਮੰਤਰੀ ਦੀ ਰਹਾਇਸ ਲਈ ਰਾਖਵੀ ਸਰਕਾਰੀ ਕੋਠੀ ਨੰਬਰ 45 ਸੈਕਟਰ 2 ਚੰਡੀਗੜ ਵਿਚ ਸ੍ਰੀ ਗੁਰੁ ਗਰੰਥ ਸਾਹਿਬ ਜੀ ਦਾ ਪਹਿਲੀ ਵਾਰ ਪ੍ਰਕਾਸ਼ ਕਰਵਾਇਆ। ਗਿਆਨੀ ਜੀ ਰੋਜ਼ਾਨਾ ਆਪਣਾ ਕੰਮ ਸੁਰੂ ਕਰਨ ਤੋਂ ਪਹਿਲਾਂ ਹੁਕਮਨਾਮਾ ਲੈਂਦੇ ਸਨ।

ਗਿਆਨੀ ਜੀ ਦੀ ਸਰਕਾਰ ਨੇ ਪੰਜਾਬ ਦੇ ਵਿਕਾਸ ਲਈ ਕਈ ਕਦਮ ਚੁੱਕੇ ਜਹਿਨਾਂ ਵਿਚ ਪਿੰਡਾਂ ਦਾ ਸੌ-ਫ਼ੀਸਦੀ ਬਿਜਲੀਕਰਨ ਸਭ ਤੋਂ ਵੱਡੀ ਪ੍ਰਾਪਤੀ ਰਹੀ। ਫ਼ਰੀਦਕੋਟ ਵਿਖੇ ਗੁਰੁ ਗੋਬਿੰਦ ਸਿੰਘ ਮੈਡੀਕਲ ਕਾਲਜ ਲਿਆਉਣਾ,ਜੋ ਹੁਣ ਬਾਬਾ ਫ਼ਰੀਦ ਮੈਡੀਕਲ ਯੂਨੀਵਰਸਟੀ ਬਣ ਗਈ ਹੈ। ਪੱਛੜੇ ਇਲਾਕੇ ਦੇ ਲੋਕਾਂ ਲਈ ਵੱਡੀ ਸਹੂਲਤ ਹੈ। ਗਿਆਨੀ ਜ਼ੈਲ ਸਿੰਘ ਦੇ ਸਮੇਂ ਲੈਂਡ ਸੀਲਿੰਗ ਐਕਟ 1972 ਬਣਿਆ । ਗਿਆਨੀ ਜੀ ਨੇ ਜੇਲ੍ਹਾਂ ਦੇ ਸੁਧਾਰ ਲਈ ਵੀ ਵਿਸ਼ੇਸ ਧਿਆਨ ਦਿੱਤਾ। ਫ਼ਰੀਦਕੋਟ ਦੀ ਪੁਰਾਣੀ ਜੇਲ੍ਹ ਵਾਲੀ ਥਾਂ ਤੇ ਉਨ੍ਹਾਂ ਦੀ ਯਾਦਗਾਰ ਨੂੰ ਕਾਇਮ ਰੱਖਣ ਵੱਲ ਕਿਸੇ ਨੇ ਧਿਆਨ ਨਹੀਂ ਦਿੱਤਾ,ਜਿੱਥੇ ਉਨਾਂ ਜੇਲ੍ਹ ਕੱਟੀ ਸੀ।

ਗਿਆਨੀ ਜੀ ਦੇ ਯਤਨਾਂ ਨਾਲ ਹੀ ਸ਼ਹੀਦ ਊਧਮ ਸਿੰਘ ਦੀਆਂ ਅਸਥੀਆਂ ਇੰਗਲੈਂਡ ਤੋਂ ਭਾਰਤ ਲਿਆਂਦੀਆਂ ਤੇ ਉਨਾ ਦਾ ਸੁਨਾਮ ਵਿਖੇ ਸੰਸਕਾਰ ਕਰਕੇ ਯਾਦਗਾਰ ਕਾਇਮ ਕੀਤੀ। ਮਲੇਰਕੋਟਲਾ ਵਿਖੇ ਕੂਕਿਆਂ (ਨਾਮਧਾਰੀਆਂ)ਦੀ ਸ਼ਹੀਦੀ ਵਾਲੀ ਥਾਂ ਤੇ ਯਾਦਗਾਰ ਕਾਇਮ ਕਰਨਾ, ਢੁੱਡੀਕੇ ਵਿਖੇ ਲਾਲਾ ਲਾਜਪੱਤ ਰਾਏ ਤੇ ਗੱਦਰੀ ਬਾਬਿਆਂ ਦੀ ਯਾਦਗਾਰ ਬਣਾਉਣਾ ਇਤਹਿਾਸਕ ਫੈਸਲੇ ਸਨ। ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਹੁਸੈਨੀਵਾਲਾ ਵਿਖੇ ਯਾਦਗਾਰ ਬਣਵਾਈ। ਗਿਆਨੀ ਜੀ ਨੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੀ ਕੁਰਬਾਨੀ ਨੂੰ ਸੀਸ ਝੁਕਾਦਿਆਂ ਉਸ ਦੀ ਮਾਤਾ ਸ੍ਰੀਮਤੀ ਵਿੱਦਿਆਵਤੀ ਨੂੰ 'ਪੰਜਾਬ ਮਾਤਾ' ਦੇ ਖ਼ਿਤਾਬ ਨਾਲ ਸਨਮਾਨਿਆ। ਉਹਨਾਂ ਦੀ ਮੌਤ ਉਪਰੰਤ ਅੰਤਮ ਸੰਸਕਾਰ ਵੀ ਸਰਕਾਰੀ ਸਨਮਾਨਾਂ
ਨਾਲ ਹੁਸੈਨੀਵਾਲਾ ਵਿਖੇ ਕਰਕੇ ਯਾਦਗਾਰ ਕਾਇਮ ਕੀਤੀ। ਕੇਂਦਰ ਸਰਕਾਰ ਵਲੋਂ ਸੁਤੰਤਰਤਾ ਸੰਗਰਾਮੀਆਂ ਨੂੰ ਸਨਮਾਨ ਲਈ "ਤਾਮਰ ਪੱਤਰ ਤੇ ਪੈਨਸ਼ਨਾਂ" ਦੇਣ ਦੀ ਸਕੀਮ ਤਿਆਰ ਕਰਨ ਵਿਚ ਗਿਆਨੀ ਜੀ ਦਾ ਵਿਸ਼ੇਸ ਯੋਗਦਾਨ ਸੀ ਕਿਉਕਿ ਉਹ ਖ਼ੁਦ ਪਰਜਾਮੰ-ਡਲ ਲਹਿਰ ਵਿੱਚ ਸਰਗਰਮ ਰਹੇ ਸਨ। ਗਿਆਨੀ ਜੀ ਵਲੋਂ ਸੁਤੰਤਰਤਾ ਸੰਗਰਾਮ ਲਈ ਕੀਤੀਆਂ ਕੁਰਬਾਨੀਆਂ ਸਦਕਾ ਉਹ ਹਮੇਸਾ ਸੁਤੰਤਰਤਾ ਸੰਗਰਾਮੀਆਂ ਦੀ ਮਦੱਦ ਨੂੰ ਪਹਿਲ ਦਿੰਦੇ ਸਨ ਭਾਂਵੇ ਉਹ ਕਿਸੇ ਵੀ ਅਹੁੱਦੇ ਤੇ ਰਹੇ। ਉਨਾਂ ਦੇ ਪੁਰਾਣੇ ਸਾਥੀ ਅਤੇ ਵਾਰਸ ਅੱਜ ਵੀ ਉਨ੍ਹਾਂ ਦੀਆਂ ਕਹਾਣੀਆਂ ਫ਼ਖ਼ਰ ਨਾਲ ਸੁਣਾਉਦੇ ਹਨ।

ਗਿਆਨੀ ਜੀ ਦਾ ਆਪਣੇ ਆਪ 'ਤੇ ਪੂਰਨ ਕੰਟਰੋਲ ਸੀ। ਉਹ ਵੱਡੀ ਤੋਂ ਵੱਡੀ ਘੱਟਨਾ ਹੋਣ 'ਤੇ ਵੀ ਅਡੋਲ ਰਹੇ। ਚਾਹੇ ਮੋਗਾ ਗੋਲੀ ਕਾਂਡ ਹੋਵੇ,ਚਾਹੇ ਨਕਸਲਵਾੜੀ ਲਹਿਰ ਹੋਵੇ,
ਚਾਹੇ ਐਮਰਜੈਂਸੀ ਦਾ ਸਮਾਂ ਹੋਵੇ, ਚਾਹੇ ਸਾਕਾ ਨੀਲਾ ਤਾਰਾ ਜਾਂ ਹੋਰ ਕੋਈ ਹਾਲਾਤ ਹੋਣ। ਉਨ੍ਹਾਂ ਦੇ ਕਾਰਜ਼ਕਾਲ ਦੌਰਾਨ ਸਿਆਸੀ ਪਾਰਟੀਆਂ ਦੇ ਨੇਤਾਵਾਂ ਜਾਂ ਲੋਕਾਂ ਨਾਲ ਕਿਸੇ ਤਰ੍ਹਾਂ ਦੀ ਜ਼ਿਆਦਤੀ ਜਾਂ ਬਦਲਾਖੋਰੀ ਦੀ ਕੋਈ ਘਟਨਾ ਨਹੀਂ ਮਿਲਦੀ। ਗਿਆਨੀ ਜੀ ਨੂੰ ਵਿਰੋਧੀ ਸਿਆਸੀ ਪਾਰਟੀਆਂ ਦੇ ਕਈ ਨੇਤਾ ਆਪਣਾ ਸਿਆਸੀ ਗੁਰੂ ਸਮਝਦੇ ਸਨ ਤੇ ਲੋੜ੍ਹ ਪੈਣ ਤੇ ਸਲਾਹ ਵੀ ਲੈਂਦੇ ਸਨ।

ਗਿਆਨੀ ਜੀ ਜੰਮੇ ਪਲੇ ਮਾਲਵੇ ਦੀ ਧਰਤੀ ਤੇ ਪਿੰਡ ਸੰਧਵਾਂ ਵਿਖੇ,ਇਥੇ ਸੁਤੰਤਰਤਾ ਸੰਗਰਾਮ ਲਈ ਪਰਜਾਮੰਡਲ ਲਹਿਰ ਚਲਾਈ,ਜੇਲਾਂ ਕੱਟੀਆਂ ਤਸੀਹੇ ਝੱਲੇ। ਪਰ ਇਸ ਇਲਾਕੇ ਦੇ ਲੋਕਾਂ ਵਲੋਂ ਸਨਮਾਨ ਨਾ ਮਿਲਿਆ, ਅਖੀਰ 1972 ਵਿਚ ਖਾਲਸੇ ਦੇ ਜਨਮ ਅਸਥਾਨ ਸ੍ਰੀ ਆਨੰਦਪੁਰ ਸਾਹਿਬ ਤੋਂ ਜਿੱਤ ਪ੍ਰਾਪਤ ਕਰਕੇ ਪੰਜਾਬ ਦੀ ਵਾਂਗਡੋਰ ਸੰਭਾਲੀ। ਆਪ ਮੈਂਬਰ ਪਾਰਲੀਮੈਂਟ ਵੀ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਬਣੇ ਤਾਂ ਸ੍ਰੀ ਅਨੰਦਪੁਰ ਸਾਹਿਬ ਵਿਧਾਨ ਸਭਾ ਹਲਕਾ ਵੀ ਹੁਸ਼ਿਆਰਪੁਰ ਵਿਚ ਸਾਮਲ ਸੀ।

ਗਿਆਨੀ ਜੀ ਆਖਰੀ ਸਮੇਂ ਆਪਣੀ ਜਨਮ ਭੂਮੀ ਸੰਧਵਾਂ,ਕੋਟਕਪੂਰਾ ਤੇ ਫਰੀਦਕੋਟ ਵਿਚ ਦੋਸਤਾਂ ਮਿੱਤਰਾਂ ਨੂੰ ਮਿਲ ਕੇ ਗਏ। ਕੁਝ ਦਿਨਾਂ ਬਾਅਦ 29 ਨਵੰਬਰ 1994 ਨੂੰ ਸ੍ਰੀ ਅਨੰਦ-ਪੁਰ ਦੀ ਧਰਤੀ ਤੇ ਸ੍ਰੀ ਕੀਰਤਪੁਰ ਸਾਹਿਬ ਨੇੜੇ ਟਰੱਕ ਨਾਲ ਕਾਰ ਦਾ ਐਕਸੀਡੈਂਟ ਹੋਇਆ ਜੋ ਜਾਨਲੇਵਾ ਸਾਬਤ ਹੋਇਆ। ਅਖੀਰ ਆਪਣੀਆਂ ਮਿੱਠੀਆਂ ਯਾਦਾਂ ਛੱਡਦੇ ਹੋਏ 25 ਦਸੰਬਰ 1994 ਨੂੰ ਸਦੀਵੀ ਵਿਛੋੜਾ ਦੇ ਗਏ। ਉਹਨਾਂ ਦੀ ਇੱਛਾ ਅਨੁਸਾਰ ਅੰਤਮ ਸੰਸ਼ਕਾਰ ਦਿੱਲੀ ਵਿਖੇ ਕੀਤਾ ਗਿਆ ਜਿੱਥੇ ਜਨਮ ਦਿਨ ਤੇ ਬਰਸੀ ਮੌਕੇ ਨੇਤਾਂਵਾਂ ਵਲੋ ਫੁੱਲ ਮਲਾਵਾਂ ਅਰਪਿਤ ਕੀਤੀਆਂ ਜਾਂਦੀਆਂ ਹਨ।

ਗਿਆਨੀ ਜੀ ਆਪ ਭਾਂਵੇ ਪਾਰਟੀ ਦੇ ਵਫਾਦਾਰ ਰਹੇ ਪਰ ਪਰਵਿਾਰਕ ਮੈਬਰ ਕਾਂਗਰਸ ਪਾਰਟੀ ਨੂੰ ਤਿਆਗ ਕੇ ਸਰਗਰਮ ਸਿਆਸਤ ਵਿਚ ਯੋਗਦਾਨ ਪਾ ਰਹੇ ਹਨ, ਉਨ੍ਹਾ ਦੇ ਵੱਡੇ ਭਰਾ ਜੰਗੀਰ ਸਿੰਘ ਦਾ ਪੋਤਰਾ ਸ ਕੁਲਤਾਰ ਸਿੰਘ ਸੰਧਵਾਂ ਆਮ ਆਦਮੀ ਪਾਰਟੀ ਵਲੋਂ ਹਲਕਾ ਕੋਟਕਪੂਰਾ ਤੋਂ ਵਿਧਾਇਕ ਬਣਕੇ ਅੱਜ ਪੰਜਾਬ ਵਿਧਾਨ ਸਭਾ ਦੇ ਸਪੀਕਰ ਵਜੋਂ ਵਧੀਆ ਭੂਮਿਕਾ
ਨਿਭਾ ਰਹੇ ਹਨ। ਗਿਆਨੀ ਜੀ ਦਾ ਆਪਣਾ ਪੋਤਰਾ ਇੰਦਰਜੀਤ ਸਿੰਘ ਬੱਬੂ ਭਾਰਤੀ ਜਨਤਾ ਪਾਰਟੀ ਵਿਚ ਸਰਗਰਮ ਹਨ।

ਆਓ ਅਸੀਂ ਗਿਆਨੀ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਦਿਆਂ ਸਿਆਸਤ ਤੋਂ ਉਪਰ ਉਠਕੇ ਧਾਰਮਕਿ ਨਿਰਪੱਖਤਾ,ਮਨੁੱਖਤਾ ਨਾਲ ਪਿਆਰ, ਪੰਜਾਬ,ਪੰਜਾਬੀ ਅਤੇ ਪੰਜਾਬੀਅਤ ਦੇ ਭਲੇ ਲਈ ਮਿਲਜੁਲ ਕੇ ਕੰਮ ਕਰੀਏ।

ਅੱਜ ਜਦੋਂ ਪੰਜਾਬ ਸਾਹ-ਮਣੇ ਪਾਣੀਆਂ ਦਾ ਮੁੱਦਾ ਆਇਆ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਨੇ ਸਾਰੀਆਂ ਸਿਆਸੀ ਪਾਰਟੀਆਂ ਦੀ ਮੀਟਿੰਗ ਬੁਲਾਕੇ ਸਭ ਦੀ ਸਹਿਮਤੀ ਲਈ ਤੇ ਸਾਰੀਆਂ ਪਾਰਟੀਆਂ ਇਕੱਠੀਆਂ ਹੋਈਆਂ ਹਨ। ਇਸ ਪਰਥਾ ਨੂੰ ਭਵਿੱਖ ਵਿਚ ਕਾਇਮ ਰੱਖਣਾ ਚਾਹੀਦਾ। ਗਿਆਨੀ ਜ਼ੈਲ ਸਿੰਘ ਜੀ ਦਾ ਜੀਵਨ ਭਰ ਸਾਰੀਆਂ ਪਾਰਟੀਆਂ ਦੇ ਨੇਤਾਵਾਂ ਨਾਲ ਪਿਆਰ ਵਾਲਾ ਵਰਤਾਓ ਰਿਹਾ ਸੀ। ਗਿਆਨੀ ਜੀ ਦਾ ਜੀਵਨੀ ਸਿਆਸੀ ਨੁਮਾਇੰਦਿਆਂ ਲਈ ਪ੍ਰੇਰਨਸਰੋਤ ਹੈ।



